SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 46 | Tuesday, March 07, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

# ਟਰੂਡੋ ਨੇ ਕੈਨੇਡੀਅਨ ਚੋਣਾਂ ਵਿੱਚ ਵਿਦੇਸ਼ੀ ਦਖ਼ਲ ਦੇ ਮਾਮਲੇ ਦੀ ਜਾਂਚ ਕਰਵਾਉਣ ਦੀ ਕੀਤੀ ਮੰਗ

ਓਟਵਾ, 6 ਮਾਰਚ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਪਾਰਲੀਆਮੈਂਟ ਦੀ ਨੈਸ਼ਨਲ ਸਕਿਊਰਿਟੀ ਕਮੇਟੀ ਵਿੱਚ ਮੌਜੂਦ ਐਮਪੀਜ਼ ਤੇ ਸੈਨੇਟਰਜ਼ ਤੋਂ ਅਪੀਲ ਕੀਤੀ ਜਾ ਰਹੀ ਹੈ ਕਿ ਕੈਨੇਡੀਅਨ ਚੋਣਾਂ ਵਿੱਚ ਵਿਦੇਸ਼ੀ ਦਖ਼ਲ ਦੇ ਮਾਮਲੇ ਦੀ ਨਵੇਂ ਸਿਰੇ ਤੋਂ ਜਾਂਚ ਸ਼ੁਰੂ ਕਰਵਾਈ ਜਾਵੇ।



ਆਪਣਾ ਨਾਂ ਗੁਪਤ ਰੱਖਣ ਦੀ ਸ਼ਰਤ ਉੱਤੇ ਦੋ ਲਿਬਰਲਾਂ ਨੇ ਦੱਸਿਆ ਕਿ ਟਰੂਡੋ ਅੱਜ ਬਾਅਦ ਵਿੱਚ ਪਾਰਲੀਆਮੈਂਟ ਹਿੱਲ ਉੱਤੇ ਇਸ ਖਬਰ ਦਾ ਐਲਾਨ ਕਰਨਗੇ। ਸੋਮਵਾਰ ਨੂੰ ਨਵੇਂ ਸਰਵੇਖਣ ਦੀ ਜਾਰੀ ਕੀਤੀ ਗਈ ਰਿਪੋਰਟ ਵਿੱਚ ਇਹ ਸਾਹਮਣੇ ਆਇਆ ਹੈ ਕਿ ਬਹੁਗਿਣਤੀ ਕੈਨੇਡੀਅਨਾਂ ਦਾ ਮੰਨਣਾ ਹੈ ਕਿ ਵਿਦੇਸ਼ੀ ਸਰਕਾਰਾਂ ਵੱਲੋਂ ਸਾਡੀਆਂ ਚੋਣਾਂ ਵਿੱਚ ਦਖ਼ਲ ਦਿੱਤੀ ਜਾਂਦੀ ਹੈ ਤੇ ਕੈਨੇਡੀਅਨ ਚਾਹੁੰਦੇ ਹਨ ਕਿ ਇਸ ਮਾਮਲੇ ਦੀ ਆਜ਼ਾਦਾਨਾ ਤੌਰ ਉੱਤੇ ਜਾਂਚ ਕਰਵਾਈ ਜਾਵੇ।

ਰਿਸਰਚ ਕੋ. ਵੱਲੋਂ ਕਰਵਾਏ ਗਏ ਸਰਵੇਖਣ ਤੋਂ ਸਾਹਮਣੇ ਆਇਆ ਕਿ ਹਰੇਕ ਪੰਜ ਵਿੱਚੋਂ ਤਿੰਨ ਕੈਨੇਡੀਅਨ ਇਹ ਮੰਨਦੇ ਹਨ ਕਿ ਇਸ ਸਦੀ ਵਿੱਚ ਫੈਡਰਲ ਚੋਣਾਂ ਉੱਤੇ ਵਿਦੇਸ਼ੀ ਸਰਕਾਰਾਂ ਦਾ ਪ੍ਰਭਾਵ ਰਿਹਾ ਹੈ। ਇਸ ਵਿੱਚ ਵੀ ਸੱਭ ਤੋਂ ਵੱਧ ਦੇਸ਼ ਦੀਆਂ ਚੋਣਾਂ ਨੂੰ ਪ੍ਰਭਾਵਿਤ ਕਰਨ ਵਾਲੇ ਮੁਲਕਾਂ ਵਿੱਚ ਚੀਨ ਤੇ ਰੂਸ ਸਿਖਰ ਉੱਤੇ ਹਨ। ਸਰਵੇਖਣ ਵਿੱਚ ਇਹ ਵੀ ਪਾਇਆ ਗਿਆ ਕਿ 64 ਫੀ ਸਦੀ ਕੈਨੇਡੀਅਨ ਇਸ ਮਾਮਲੇ ਦੀ ਆਜ਼ਾਦਾਨਾ ਜਾਂਚ ਦੇ ਹੱਕ ਵਿੱਚ ਹਨ ਜਦਕਿ 21 ਇਸ ਦੇ ਵਿਰੋਧ ਵਿੱਚ ਹਨ ਤੇ 15 ਫੀ ਸਦੀ ਇਸ ਬਾਰੇ ਅਜੇ ਕੁੱਝ ਤੈਅ ਨਹੀਂ ਕਰ ਪਾਏ।

ਨੈਸ਼ਨਲ ਸਕਿਊਰਿਟੀ ਸੂਤਰਾਂ ਦੇ ਪੱਖ ਲੈਣ ਤੋਂ ਬਾਅਦ ਸਾਹਮਣੇ ਆਈਆਂ ਮੀਡੀਆ ਰਿਪੋਰਟਾਂ ਵਿੱਚ ਇਹ ਦੋਸ਼ ਲਾਇਆ ਗਿਆ ਕਿ 2019 ਤੇ 2021 ਦੀਆਂ ਫੈਡਰਲ ਚੋਣਾਂ ਵਿੱਚ ਚੀਨ ਨੇ ਦਖ਼ਲ ਦੇਣ ਦੀ ਪੂਰੀ ਕੋਸ਼ਿਸ਼ ਕੀਤੀ। ਇਸ ਤੋਂ ਪਹਿਲਾਂ ਟਰੂਡੋ ਵੀ ਇਸ ਜਾਂਚ ਦੇ ਹੱਕ ਵਿੱਚ ਨਹੀਂ ਸਨ ਪਰ ਹੁਣ ਚੁਫੇਰਿਓਂ ਪੈ ਰਹੇ ਦਬਾਅ ਤੋਂ ਬਾਅਦ ਉਨ੍ਹਾਂ ਵੀ ਆਪਣੀ ਸੁਰ ਬਦਲੀ ਲੱਗਦੀ ਹੈ।

# ਹਮਲਾ ਕਰਨ ਮਗਰੋਂ ਟੀਨੇਜਰ ਨੂੰ ਗੱਡੀ ਵਿੱਚੋਂ ਬਾਹਰ ਸੁੱਟਿਆ

ਟੋਰਾਂਟੋ, 6 ਮਾਰਚ (ਪੋਸਟ ਬਿਊਰੋ) : ਟੋਰਾਂਟੋ ਪੁਲਿਸ ਇੱਕ ਟੀਨੇਜਰ ਦੀ ਪਛਾਣ ਕਰਨ ਦੀ ਕੋਸ਼ਿਸ਼ ਕਰ ਰਹੀ ਹੈ, ਜਿਸ ਉੱਤੇ ਹਮਲਾ ਕਰਨ ਤੋਂ ਬਾਅਦ ਉਸ ਨੂੰ ਗੱਡੀ ਵਿੱਚੋਂ ਬਾਹਰ ਸੁੱਟ ਦਿੱਤਾ ਗਿਆ ਤੇ ਉਹ ਸਿਟੀ ਦੇ ਪੱਛਮ ਵਿੱਚ ਬੇਸੁੱਧ ਹਾਲਤ ਵਿੱਚ ਮਿ-ਲਿਆ।

ਪੁਲਿਸ ਅਧਿਕਾਰੀਆਂ ਨੂੰ ਐਤਵਾਰ ਨੂੰ ਰਾਤੀਂ 11:00 ਵਜੇ ਰਿਪੋਰਟਾਂ ਮਿਲੀਆਂ ਕਿ ਰਿੱਚਵਿਊ ਵਿੱਚ ਸੈਲੈਸਟੀਨ ਡਰਾਈਵ ਤੇ ਦ ਵੈਸਟਵੇਅ ਇਲਾਕੇ ਵਿੱਚ ਇੱਕ ਨੌਜਵਾਨ ਸਾਈਡਵਾਕ ਉੱਤੇ ਬੇਸੁੱਧ ਹਾਲਤ ਵਿੱਚ ਪਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇਸ ਇਲਾਕੇ ਵਿੱਚ ਇੱਕ ਕਾਲੇ ਰੰਗ ਦੀ ਐਸਯੂਵੀ ਆ ਕੇ ਰੁਕੀ ਤੇ ਦੋ ਮਸ਼ਕੂਕਾਂ ਨੇ ਡਿੱਗੀ ਵਿੱਚੋਂ ਇਸ ਨੌਜਵਾਨ ਨੂੰ ਕੱਢ ਕੇ ਸਾਈਡਵਾਕ ਉੱਤੇ ਸੁੱਟ ਦਿੱਤਾ। ਇਹ ਲੜਕਾ



ਜ਼ਖ਼ਮੀ ਵੀ ਦੱਸਿਆ ਜਾਂਦਾ ਹੈ। ਫਿਰ ਮਸ਼ਕੂਕ ਗੱਡੀ ਵਿੱਚ ਸਵਾਰ ਹੋ ਕੇ ਮੌਕੇ ਤੋਂ ਫਰਾਰ ਹੋ ਗਏ। ਪੁਲਿਸ ਨੇ ਦੱਸਿਆ ਕਿ ਇਸ ਲੜਕੇ ਦੀ ਉਮਰ 15 ਤੋਂ 20 ਸਾਲ ਦਰਮਿਆਨ ਲੱਗਦੀ ਹੈ, ਉਸ ਦਾ ਰੰਗ ਕਣਕਵਿੰਨ੍ਹਾਂ ਹੈ ਤੇ ਕੱਦ 5 ਫੁੱਟ 4 ਇੰਚ ਦੇ ਨੇੜੇ ਤੇੜੇ ਹੋਵੇਗਾ ਤੇ ਉਸ ਦਾ ਵਜ਼ਨ 90 ਪਾਊਂਡ ਹੈ। ਉਸ ਦੀ ਕੱਦਕਾਠੀ ਪਤਲੀ, ਕਾਲੇ ਨਿੱਕੇ ਵਾਲ ਹਨ ਤੇ ਉਹ ਕਲੀਨ ਸ਼ੇਵਨ ਹੈ ਅਤੇ ਉਸ ਦੇ ਸੱਜੇ ਆਈਬ੍ਰੋਅ ਉੱਤੇ ਨਿਸ਼ਾਨ ਵੀ ਹੈ। ਉਸ ਨੂੰ ਆਖਰੀ ਵਾਰੀ ਪਫੀ ਕਾਲੀ ਜੈਕੇਟ ਤੇ ਕਾਲੀ ਪੈਂਟ ਪਾਇਆਂ ਵੇਖਿਆ ਗਿਆ।

# 6 ਸਾਲਾ ਬਲੈਕ ਬੱਚੇ ਨੂੰ ਕਮਰੇ ਵਿੱਚ ਬੰਦ ਕਰਨ ਦੇ ਮਾਮਲੇ ਦੀ ਜਾਂਚ ਸ਼ੁਰੂ

ਟੋਰਾਂਟੋ, 6 ਮਾਰਚ (ਪੋਸਟ ਬਿਊਰੋ) : ਜਨਵਰੀ ਵਿੱਚ ਇੱਕ ਛੇ ਸਾਲਾ ਬਲੈਕ ਬੱਚੇ ਨੂੰ ਕਥਿਤ ਤੌਰ ਉੱਤੇ ਬਾਕੀ ਵਿਦਿਆਰਥੀਆਂ ਨਾਲੋਂ ਪਾਸੇ ਕਰਕੇ ਅਲਮਾਰੀ ਜਿੰਨੇ ਆਕਾਰ ਦੇ ਕਮਰੇ ਵਿੱਚ ਬੰਦ ਕਰਨ ਵਾਲੇ ਟੋਰਾਂਟੋ ਐਲੀਮੈਂਟਰੀ ਸਕੂਲ ਦੇ ਤਿੰਨ ਅਮਲਾ ਮੈਂਬਰਾਂ ਦੀ ਜਾਂਚ ਕੀਤੀ ਜਾ ਰਹੀ ਹੈ।

ਟੋਰਾਂਟੋ ਡਿਸਟ੍ਰਿਕਟ ਸਕੂਲ ਬੋਰਡ (ਟੀਡੀਐਸਬੀ) ਨੇ ਸੋਮਵਾਰ ਨੂੰ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਜੌਹਨ ਫਿਸ਼ਰ ਜੂਨੀਅਰ ਪਬਲਿਕ ਸਕੂਲ ਵਿੱਚ ਵਾਪਰੀ ਇਸ ਨਸਲਵਾਦੀ ਘਟਨਾ ਤੋਂ ਉਨ੍ਹਾਂ ਦਾ ਸਟਾਫ ਜਾਣੂ ਹੈ। ਨਤੀਜੇ ਵਜੋਂ ਇਸ ਸਕੂਲ ਦੇ ਪ੍ਰਿੰਸੀਪਲ, ਵਾਈਸ ਪ੍ਰਿੰਸੀਪਲ ਤੇ ਇੱਕ ਟੀਚਰ ਨੂੰ ਘਰ ਤੋਂ ਕੰਮ ਕਰਨ ਲਈ ਆਖਿਆ ਗਿਆ ਹੈ। ਸੋਮਵਾਰ ਨੂੰ ਬੱਚੇ ਦੀ ਮਾਂ ਫਰੀਦਾ ਨੇ ਦੱਸਿਆ ਕਿ ਇਹ ਘਟਨਾ ਬਹੁਤ ਹੀ ਤਕਲੀਫਦੇਹ ਤੇ ਕਿਆਸ ਤੋਂ ਪਰੇ ਸੀ। ਫਰੀਦਾ ਨੇ ਦੱਸਿਆ ਕਿ ਉਨ੍ਹਾਂ ਦੇ ਅਤੇ ਉਨ੍ਹਾਂ ਦੇ ਬੇਟੇ ਖਿਲਾਫ ਨਸਲਵਾਦੀ ਵਿਵਹਾਰ ਦੀਆਂ ਕਈ ਘਟਨਾਵਾਂ ਪਹਿਲਾਂ ਵੀ ਵਾਪਰਦੀਆਂ ਰਹੀਆਂ ਹਨ ਪਰ ਜਨਵਰੀ ਵਾਲੀ ਘਟਨਾ ਨੇ ਤਾਂ ਸੱਭ ਸਿਰਾ ਹੀ ਲਗਾ ਦਿੱਤਾ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਬੱਚੇ ਨੂੰ 30 ਮਿੰਟ ਲਈ ਅਲਮਾਰੀ ਵਰਗੇ ਨਿੱਕੇ ਜਿਹੇ ਕਮਰੇ ਵਿੱਚ ਬੰਦ ਰੱਖਿਆ ਗਿਆ।

ਸੋਮਵਾਰ ਨੂੰ ਜਾਰੀ ਕੀਤੇ ਗਏ ਇੱਕ ਲਿਖਤੀ ਬਿਆਨ ਵਿੱਚ ਟੀਡੀਐਸਬੀ ਨੇ



ਆਖਿਆ ਕਿ ਉਹ ਮਾਮਲੇ ਦੀ ਜਾਂਚ ਜਲਦ ਤੋਂ ਜਲਦ ਪੂਰੀ ਕਰਨ ਵੱਲ ਕੰਮ ਕਰ ਰਹੇ ਹਨ ਤੇ ਉਸ ਤੋਂ ਬਾਅਦ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ। ਫਰੀਦਾ ਨੇ ਦੱਸਿਆ ਕਿ 31 ਜਨਵਰੀ ਨੂੰ ਉਸ ਦੇ ਬੱਚੇ ਨੂੰ ਆਫਿਸ ਭੇਜਿਆ ਗਿਆ। ਜਦੋਂ ਉਹ ਆਫਿਸ ਵਿੱਚ ਹੀ ਸੀ ਤਾਂ ਇੱਕ ਹੋਰ ਬੱਚਾ ਮੈਡੀਕਲ ਟਰੀਟਮੈਂਟ ਲਈ ਆਫਿਸ ਆਇਆ। ਫਰੀਦਾ ਦੇ ਲੜਕੇ ਨੇ ਉਸ ਬੱਚੇ ਨੂੰ ਪੁੱਛਿਆ ਕਿ ਉਸ ਨੂੰ ਕੀ ਹੋਇਆ ਹੈ ਕਿਉਂਕਿ ਦੋਵੇਂ ਬੱਚੇ ਇੱਕ ਦੂਜੇ ਨੂੰ ਜਾਣਦੇ ਸਨ। ਇਸ ਤੋਂ ਬਾਅਦ ਇਹ ਆਖਦਿਆਂ ਹੋਇਆਂ ਫਰੀਦਾ ਦੇ ਲੜਕੇ ਨੂੰ ਕਮਰੇ ਵਿੱਚ ਬੰਦ ਕਰ ਦਿੱਤਾ ਗਿਆ ਕਿ ਉਹ ਦੂਜਿਆਂ ਦਾ ਧਿਆਨ ਭਟਕਾ ਰਿਹਾ ਹੈ।

ਫਰੀਦਾ ਨੇ ਇਹ ਦੋਸ਼ ਵੀ ਲਾਇਆ ਕਿ ਆਮ ਦਿਨਾਂ ਵਿੱਚ ਵੀ ਉਸ ਦੇ ਬੇਟੇ ਨੂੰ ਹੋਰਨਾਂ ਬੱਚਿਆਂ ਨਾਲੋਂ ਵੱਖਰਾ ਕਰਕੇ ਇੱਕ ਖਰਾਬ ਜਿਹੇ ਡੈਸਕ ਉੱਤੇ ਬਿਠਾਇਆ ਜਾਂਦਾ ਹੈ। ਉਸ ਨੇ ਦੱਸਿਆ ਕਿ ਆਪਣੀ ਕਲਾਸ ਵਿੱਚ ਉਸ ਦਾ ਲੜਕਾ ਹੀ ਇੱਕਲਾ ਬਲੈਕ ਵਿਦਿਆਰਥੀ ਹੈ ਤੇ ਉਸ ਨਾਲ ਪਹਿਲਾਂ ਵੀ ਵਿਤਕਰਾ ਹੁੰਦਾ ਹੈ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

ਨੈਨੀ ਦੀ ਲੋੜ
ਬਰੈਂਪਟਨ ਵਿਚ ਘਰ ਦਾ ਕੰਮ ਕਰਨ ਲਈ ਨੈਨੀ ਦੀ ਲੋੜ ਹੈ। ਸੰਪਰਕ ਕਰੋ:
416-556-6884

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty Off: 905.230.3100

ਰੈਸਟੋਰੈਂਟ ਪੈਟਿਓ ਫੂਡ ਕਾਊਂਟਰ
ਗਰਮੀਆਂ ਵਿੱਚ ਪਰਾਫਿਟ ਲਈ ਸੁਨਹਿਰਾ ਮੌਕਾ
$10,000 per month Profit
Free Training, Equipement, Place and Utilities
1 ਮਈ ਤੋਂ 31 ਅਕਤੂਬਰ ਤੱਕ ਕਾਂਟਰੈਕਟ ਜਾਂ ਲੀਜ਼ ਕਰੋ:
Call Kumar: 437-925-4585
Email: startup2023abusiness@gmail.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

OURR HOME & APPLIANCES
SPRING DEALS ON LUXURY APPLIANCES
DEALS
Early Spring Deals
$1699*
$199
$2999*
$299
$4699*
$2999*
Authorized Dealer for ALL MAJOR BRANDS
HURRY NOW
KitchenAid Maytag LG Electrolux JennAir GE Amana Bosch Whirlpool Samsung Frigidaire Capital
UNIT #1, 241 CLARENCE ST BRAMPTON, ON L6W 3E7 (416) 551 3343
44 FASKEN DR. #2-9 ETOBICOKE, ON M9W 5M8 (416) 792-0877
UNIT #6 410 LEWIS RD, STONEY CREEK, ON L8E 5Y7 (905) 643 0818
UNIT #4 -1540 FANSHAWE PARK ROAD WEST LONDON, ON N6H 5L8 (519) 641-1010
5781 HIGHWAY 7 UNIT 10, VAUGHAN, ON L4L 1T8 (416) 477 5556
1050 SPEERS ROAD, OAKVILLE, ON, L6L 2X4 (416) 613 0555
416-551-5553
WWW.OURRHOMEAPPLIANCES.COM

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axael InsuranceBrokers Ltd. 1332 Khalsa Dr, Unit # 11, Mississauga, ON L5S 0A2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available 1888 864 3131
ਕਰਜ਼ੇ ਦੀ ਸਿਰਦਰਦੀ ?
www.MakeMeDebtFree.ca
416-502-3100
Jasbir Singh Hundal
Qualified Credit Counsellor
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types · Walkie pallet Low Lift · Electric Motor Narrow Aisle Reach · Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜ਼ੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਫਰੀ ਪਿਕਅਪ
Best Rates For Lessons
ਲੇਡੀ ਇੰਸਟ੍ਰਕਟਰ
647-998-7500
ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc.
Brokerage Lic.12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਤੀਜੀ ਪਾਰਟੀ ਵੱਲੋਂ ਚੋਣਾਂ ਵਿੱਚ ਐਡਵਰਟਾਈਜ਼ਿੰਗ ਉੱਤੇ ਖਰਚਾ ਕਰਨ ਸਬੰਧੀ ਨਿਯਮਾਂ ਨੂੰ ਅਦਾਲਤ ਨੇ ਕੀਤਾ ਖਾਰਜ



ਓਨਟਾਰੀਓ, 6 ਮਾਰਚ (ਪੋਸਟ ਬਿਊਰੋ) : ਪ੍ਰੀਮੀਅਰ ਡੱਗ ਫੋਰਡ ਦੀ ਸਰਕਾਰ ਵੱਲੋਂ ਤੀਜੀ ਪਾਰਟੀ ਵੱਲੋਂ ਚੋਣਾਂ ਵਿੱਚ ਐਡਵਰਟਾਈਜ਼ਿੰਗ ਉੱਤੇ ਖਰਚਾ ਕਰਨ ਸਬੰਧੀ ਪੇਸ਼ ਕੀਤੇ ਨਿਯਮਾਂ ਨੂੰ ਓਨਟਾਰੀਓ ਦੀ ਉੱਘੀ ਅਦਾਲਤ ਵੱਲੋਂ ਗੈਰਸੰਵਿਧਾਨਕ ਕਰਾਰ ਦਿੰਦਿਆਂ ਹੋਇਆਂ ਖਾਰਜ ਕਰ ਦਿੱਤਾ ਗਿਆ ਹੈ।

2021 ਤੋਂ ਪਹਿਲਾਂ ਚੋਣਾਂ ਦਾ ਐਲਾਨ ਹੋਣ ਤੋਂ ਛੇ ਮਹੀਨੇ ਪਹਿਲਾਂ ਤੀਜੀਆਂ ਧਿਰਾਂ ਨੂੰ ਇਸ਼ਤਿਹਾਰਬਾਜੀ ਉੱਤੇ 600,000 ਡਾਲਰ ਖਰਚ ਕਰਨ ਦੀ ਇਜਾਜ਼ਤ ਸੀ। ਪਰ ਉਸ ਸਾਲ ਸਰਕਾਰ ਨੇ ਖਰਚੇ ਲਈ ਚੋਣਾਂ ਤੋਂ ਪਹਿਲਾਂ ਵਾਲੇ ਸੀਮਤ ਪੀਰੀਅਡ ਨੂੰ ਵਧਾ ਕੇ ਇੱਕ ਸਾਲ ਕਰ ਦਿੱਤਾ ਪਰ ਖਰਚੀ ਜਾਣ ਵਾਲੀ ਰਕਮ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ। ਪ੍ਰੋਗਰੈਸਿਵ ਕੰਜ਼ਰਵੇਟਿਵਾਂ ਦਾ ਇਸ ਪਿੱਛੇ ਇਹ ਤਰਕ ਸੀ ਕਿ ਇਸ ਅਰਸੇ ਵਿੱਚ ਕੀਤਾ ਵਾਧਾ ਇਸ ਲਈ ਜ਼ਰੂਰੀ ਸੀ ਤਾਂ ਕਿ ਬਾਹਰੀ ਪ੍ਰਭਾਵ ਤੋਂ ਬਚਿਆ ਜਾ ਸਕੇ। ਪਰ ਆਲੋਚਕਾਂ ਦਾ ਕਹਿਣਾ ਹੈ ਕਿ ਇਸ ਸੱਭ ਕਾਸੇ ਨਾਲ ਤਾਂ ਇੰਜ ਲੱਗ ਰਿਹਾ ਸੀ ਜਿਵੇਂ ਸਰਕਾਰ 2022 ਦੀਆਂ ਪ੍ਰੋਵਿੰਸ਼ੀਅਲ ਚੋਣਾਂ ਤੋਂ ਪਹਿਲਾਂ ਆਲੋਚਕਾਂ ਦੇ ਮੂੰਹ ਬੰਦ ਕਰਵਾਉਣੇ ਚਾਹੁੰਦੀ ਹੋਵੇ।

ਆਜ਼ਾਦਾਨਾ ਤੌਰ ਉੱਤੇ ਆਪਣੇ ਵਿਚਾਰ ਪ੍ਰਗਟਾਉਣ ਦੇ ਆਧਾਰ ਉੱਤੇ ਇਸ ਕਾਨੂੰਨ ਨੂੰ ਗੈਰਸੰਵਿਧਾਨਕ ਪਾਇਆ ਗਿਆ। ਇਸ ਲਈ ਸਰਕਾਰ ਨੇ ਨੌਟਵਿਦਸਟੈਂਡਿੰਗ ਕਲਾਜ਼ ਦੀ ਵਰਤੋਂ ਕਰਦਿਆਂ ਹੋਇਆਂ ਇਨ੍ਹਾਂ ਪ੍ਰਬੰਧਾਂ ਨੂੰ ਮੁੜ ਪੇਸ਼ ਕੀਤਾ। ਤੀਜੀਆਂ ਧਿਰਾਂ ਲਈ ਇਸ਼ਤਿਹਾਰ ਪਬਲਿਸ਼ ਕਰਨ ਵਾਲੇ ਕਈ ਗਰੁੱਪਜ਼, ਜਿਨ੍ਹਾਂ ਵਿੱਚ ਵਰਕਿੰਗ ਫੈਮਿਲੀਜ਼ ਕੋਲੀਸ਼ਨ ਐਂਡ ਟੀਚਰਜ਼ ਯੂਨੀਅਨਾਂ ਸ਼ਾਮਲ ਹਨ, ਨੇ ਫੋਰਡ ਸਰਕਾਰ ਵੱਲੋਂ ਪੇਸ਼ ਕੀਤੇ ਗਏ ਇਸ ਨਵੇਂ ਕਾਨੂੰਨ ਨੂੰ ਚੁਣੌਤੀ ਦਿੱਤੀ ਤੇ ਹੁਣ ਓਨਟਾਰੀਓ ਦੀ ਕੋਰਟ ਆਫ ਅਪੀਲ ਵੱਲੋਂ ਵੀ ਅਜਿਹੇ ਗਰੁੱਪਜ਼ ਦਾ ਹੀ ਪੱਖ ਪੂਰਿਆ ਗਿਆ ਹੈ।

ਅਦਾਲਤ ਨੇ ਫੋਰਡ ਸਰਕਾਰ ਨੂੰ ਇੱਕ ਸਾਲ ਦੇ ਅੰਦਰ ਚਾਰਟਰ ਦੇ ਹਿਸਾਬ ਨਾਲ ਨਵਾਂ ਬਿੱਲ ਲਿਆਉਣ ਦਾ ਸਮਾਂ ਦਿੱਤਾ ਹੈ। ਇਸ ਉੱਤੇ ਵਿੱਤ ਮੰਤਰੀ ਪੀਟਰ ਬੈਥਲੈਨਫੈਲਵੀ ਨੇ ਆਖਿਆ ਕਿ ਸਰਕਾਰ ਇਸ ਫੈਸਲੇ ਦਾ ਮੁਲਾਂਕਣ ਕਰੇਗੀ ਤੇ ਫਿਰ ਵਿਚਾਰ ਕੀਤਾ ਜਾਵੇਗਾ ਕਿ ਇਸ ਬਾਰੇ ਕੀ ਕਰਨਾ ਹੈ।

# ਹਮਲੇ ਤੋਂ ਬਾਅਦ ਸਾਈਡਵਾਕ ਉੱਤੇ ਬੇਸੁੱਧ ਮਿਲਿਆ ਇੱਕ ਵਿਅਕਤੀ




ਟੋਰਾਂਟੋ, 6 ਮਾਰਚ (ਪੋਸਟ ਬਿਊਰੋ) : ਇਟੋਬੀਕੋ ਵਿੱਚ ਇੱਕ ਵਿਅਕਤੀ ਉੱਤੇ ਹਮਲਾ ਕਰਨ ਤੋਂ ਬਾਅਦ ਉਸ ਨੂੰ ਸਾਈਡਵਾਕ ਉੱਤੇ ਹੀ ਸੁੱਟ ਜਾਣ ਵਾਲੇ ਮਸ਼ਕੂਕ ਦੀ ਪੁਲਿਸ ਵੱਲੋਂ ਭਾਲ ਕੀਤੀ ਜਾ ਰਹੀ ਹੈ। ਇਸ ਵਿਅਕਤੀ ਨੂੰ ਲੱਗੀਆਂ ਸੱਟਾਂ ਕਾਫੀ ਗੰਭੀਰ ਦੱਸੀਆਂ ਜਾ ਰਹੀਆਂ ਹਨ।

ਸੋਮਵਾਰ ਨੂੰ ਰਾਤੀਂ 11:00 ਵਜੇ ਤੋਂ ਪਹਿਲਾਂ ਕਿਪਲਿੰਗ ਐਵਨਿਊ ਤੇ ਡਿਕਸਨ ਰੋਡ ਇਲਾਕੇ ਵਿੱਚ ਸਾਈਡਵਾਕ ਉੱਤੇ ਇੱਕ ਵਿਅਕਤੀ ਬੇਸੁੱਧ ਪਿਆ ਮਿਲਿਆ। ਉਸ ਨੂੰ ਪੈਰਾਮੈਡਿਕਸ ਵੱਲੋਂ ਹਸਪਤਾਲ ਪਹੁੰਚਾਇਆ ਗਿਆ। ਪੁਲਿਸ ਨੇ ਦੱਸਿਆ ਕਿ ਇਸ ਵਿਅਕਤੀ ਨੂੰ ਹਮਲੇ ਦਾ ਸ਼ਿਕਾਰ ਬਣਾਇਆ ਗਿਆ।

ਅਧਿਕਾਰੀਆਂ ਵੱਲੋਂ ਅਜੇ ਤੱਕ ਇਸ ਵਿਅਕਤੀ ਦੀ ਹਾਲਤ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ ਗਈ ਹੈ। ਅਜੇ ਤੱਕ ਕਿਸੇ ਮਸ਼ਕੂਕ ਬਾਰੇ ਕੋਈ ਜਾਣਕਾਰੀ ਮੁਹੱਈਆ ਨਹੀਂ ਕਰਵਾਈ ਗਈ ਹੈ ਪਰ ਪੁਲਿਸ ਇਲਾਕੇ ਦੀ ਛਾਣਬੀਣ ਕਰਕੇ ਇਹ ਪਤਾ ਲਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਆਖਿਰਕਾਰ ਇਹ ਸੱਭ ਕਿਉਂ ਤੇ ਕਿਵੇਂ ਹੋਇਆ।

## ਅੱਜ ਨਾਮਾ

ਘਰ ਤੋਂ ਗਏ ਸਨ ਧਰਮ ਅਸਥਾਨ ਵੰਨੀਂ,
ਪਾ ਕੇ ਰੱਫੜ ਸੀ ਲੋਕਾਂ ਨਾਲ ਲੜੇ ਬੇਲੀ।
ਚੱਲਦੀ ਵੀਡੀਓ ਵਿੱਚ ਆ ਸਾਫ ਦਿੱਸਦਾ,
ਡਾਂਗਾਂ, ਸੋਟੀਆਂ, ਪੱਥਰ ਸਨ ਫੜੇ ਬੇਲੀ।
ਅਗਲੇ ਸ਼ਹਿਰ ਦੇ ਲੋਕ ਵੀ ਭੜਕ ਉੱਠੇ,
ਰਸਤਾ ਰੋਕਣ ਨੂੰ ਆਣ ਸਨ ਖੜੇ ਬੇਲੀ।
ਹੁੰਦਾ ਵੱਡਾ ਦੁਖਾਂਤ ਫਿਰ ਮਸਾਂ ਟਲਿਆ,
ਦਿੱਸਦੇ ਨਾਜ਼ਕ ਹਾਲਾਤ ਸੀ ਬੜੇ ਬੇਲੀ।
ਜਾਂਦੇ ਸ਼ਰਧਾ ਦੇ ਨਾਲ ਹਨ ਬਹੁਤ ਲੋਕੀਂ,
ਸਾਰੇ ਗਲਤ ਨਹੀਂ, ਮਾੜੇ ਨੇ ਘੱਟ ਬੇਲੀ।
ਵਿਰਲੇ-ਟਾਂਵੇ ਜੋ ਸ਼ੋਹਦੇ ਆਚਲੇ ਜਾਂਦੇ,
ਮਾਰਦੇ ਉਹੀ ਆ ਅਮਨ ਨੂੰ ਸੱਟ ਬੇਲੀ।

**ਤੀਸ ਮਾਰ ਖਾਂ**

# ਮੋਟਲ ਵਿੱਚ ਚੱਲੀ ਗੋਲੀ ਕਾਰਨ ਇੱਕ ਜ਼ਖ਼ਮੀ



ਸਕਾਰਬਰੋ, 6 ਮਾਰਚ (ਪੋਸਟ ਬਿਊਰੋ) : ਸਕਾਰਬਰੋ ਵਿੱਚ ਇੱਕ ਮੋਟਲ ਵਿੱਚ ਗੋਲੀ ਮਾਰੇ ਜਾਣ ਤੋਂ ਬਾਅਦ ਇੱਕ ਵਿਅਕਤੀ ਹਸਪਤਾਲ ਵਿੱਚ ਜ਼ਿੰਦਗੀ ਤੇ ਮੌਤ ਦੀ ਲੜਾਈ ਲੜ ਰਿਹਾ ਹੈ।

ਸੋਮਵਾਰ ਸਵੇਰੇ 1:00 ਵਜੇ ਦੇ ਨੇੜੇ ਤੇੜੇ ਮੈਕੌਵਨ ਰੋਡ ਦੇ ਪੂਰਬ ਵਿੱਚ ਕਿੰਗਸਟਨ ਰੋਡ ਉੱਤੇ ਰੌਏਕ੍ਰੌਫਟ ਮੋਟਲ ਵਿੱਚ ਚੱਲੀ ਗੋਲੀ ਦੀ ਪੁਲਿਸ ਅਧਿਕਾਰੀਆਂ ਵੱਲੋਂ ਜਾਂਚ ਕੀਤੀ ਜਾ ਰਹੀ ਹੈ।

ਮੌਕੇ ਤੋਂ ਪੁਲਿਸ ਨੂੰ ਇੱਕ ਵਿਅਕਤੀ ਜ਼ਖ਼ਮੀ ਹਾਲਤ ਵਿੱਚ ਮਿ-ਲਆ। ਉਸ ਨੂੰ ਨਾਜ਼ੁਕ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਅਜੇ ਤੱਕ ਕਿਸੇ ਮਸ਼ਕੂਕ ਦੇ ਸਬੰਧ ਵਿੱਚ ਕੋਈ ਜਾਣਕਾਰੀ ਹਾਸਲ ਨਹੀਂ ਹੋਈ ਹੈ।

# ਚਾਕੂ ਮਾਰ ਕੇ 50 ਸਾਲਾ ਵਿਅਕਤੀ ਦਾ ਕੀਤਾ ਗਿਆ ਕਤਲ



ਟੋਰਾਂਟੋ, 6 ਮਾਰਚ (ਪੋਸਟ ਬਿਊਰੋ) : ਡਾਊਨਟਾਊਨ ਟੋਰਾਂਟੋ ਵਿੱਚ ਸਵੇਰੇ ਤੜ੍ਹਕੇ ਇੱਕ ਵਿਅਕਤੀ ਨੂੰ ਚਾਕੂ ਮਾਰ ਕੇ ਮੌਤ ਦੇ ਘਾਟ ਉਤਾਰੇ ਜਾਣ ਦੇ ਮਾਮਲੇ ਦੀ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ।

ਸੋਮਵਾਰ ਤੜ੍ਹਕੇ 12:50 ਵਜੇ ਦੇ ਨੇੜੇ ਤੇੜੇ ਕੁਈਨ ਤੇ ਸ਼ੇਰਬੌਰਨ ਸਟਰੀਟਸ ਦੇ ਇੰਟਰਸੈਕਸ਼ਨ ਉੱਤੇ ਐਮਰਜੰਸੀ ਅਮਲੇ ਨੂੰ ਸੱਦਿਆ ਗਿਆ। ਪੈਰਾਮੈਡਿਕਸ ਨੇ ਆਖਿਆ ਕਿ ਇਹ ਵਿਅਕਤੀ, ਜੋ ਕਿ ਆਪਣੇ 50ਵਿਆਂ ਵਿੱਚ ਸੀ, ਜਾਨਲੇਵਾ ਸੱਟਾਂ ਦੇ ਨਾਲ ਇੱਕ ਸ਼ੈਲਟਰ ਦੇ ਬਾਹਰ ਮਿਲਿਆ। ਉਸ ਨੂੰ ਹਸਪਤਾਲ ਲਿਜਾਇਆ ਗਿਆ ਪਰ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਟੋਰਾਂਟੋ ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਇਹ ਰਿਪੋਰਟਾਂ ਮਿਲੀਆਂ ਸਨ ਕਿ ਕੁੱਝ ਵਿਅਕਤੀਆਂ ਵੱਲੋਂ ਇੱਕਲੇ ਵਿਅਕਤੀ ਨੂੰ ਛੁਰਾ ਮਾਰ ਕੇ ਜ਼ਖ਼ਮੀ ਕਰ ਦਿੱਤਾ ਗਿਆ ਤੇ ਫਿਰ ਉਹ ਸਾਰੇ ਉੱਥੋਂ ਫਰਾਰ ਹੋ ਗਏ।

ਅਜੇ ਤੱਕ ਕਿਸੇ ਮਸ਼ਕੂਕ ਦੇ ਸਬੰਧ ਵਿੱਚ ਕੋਈ ਜਾਣਕਾਰੀ ਨਹੀਂ ਦਿੱਤੀ ਗਈ ਹੈ। ਜਾਂਚ ਲਈ ਕੁਈਨ ਤੋਂ ਸ਼ਟਰ ਸਟਰੀਟ ਤੱਕ ਸ਼ੇਰਬੌਰਨ ਨੂੰ ਬੰਦ ਕਰ ਦਿੱਤਾ ਗਿਆ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ',
ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਕੀਤੀ ਹਦਾਇਤ: ਜੀ-20 ਸਿਖ਼ਰ ਸੰਮੇਲਨ ਨੂੰ ਸਫ਼ਲ ਕਰਨ ਲਈ ਕੋਈ ਕਸਰ ਬਾਕੀ ਨਾ ਰਹੇ

## ਪਵਿੱਤਰ ਨਗਰੀ ਅੰਮ੍ਰਿਤਸਰ ਵਿਖੇ 15, 16, 17, 19 ਅਤੇ 20 ਮਾਰਚ ਨੂੰ ਹੋਣ ਵਾਲੇ ਵੱਡ-ਆਕਾਰੀ ਸਮਾਗਮ ਲਈ ਪ੍ਰਬੰਧਾਂ ਦੀ ਕੀਤੀ ਸਮੀਖਿਆ

ਅੰਮ੍ਰਿਤਸਰ, 6 ਮਾਰਚ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੋਮਵਾਰ ਨੂੰ ਅਧਿਕਾਰੀਆਂ ਨੂੰ ਕਿਹਾ ਕਿ ਉਹ ਸੂਬੇ ਵਿੱਚ 15-17 ਅਤੇ 19-20 ਮਾਰਚ ਨੂੰ ਹੋਣ ਵਾਲੇ ਵੱਕਾਰੀ ਜੀ-20 ਸੰਮੇਲਨ ਨੂੰ ਪੂਰੀ ਤਰ੍ਹਾਂ ਸਫ਼ਲ ਕਰਨ ਲਈ ਕੋਈ ਕਸਰ ਬਾਕੀ ਨਾ ਛੱਡੀ ਜਾਵੇ।



ਇੱਥੇ ਇਸ ਵੱਡ-ਆਕਾਰੀ ਸਮਾਗਮ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਇਸ ਸਮਾਗਮ ਦੀ ਮੇਜ਼ਬਾਨੀ ਲਈ ਪੂਰੀ ਤਰ੍ਹਾਂ ਤਿਆਰ ਹੈ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਅਗਲੇ ਹਫ਼ਤੇ ਪਵਿੱਤਰ ਸ਼ਹਿਰ ਅੰਮ੍ਰਿਤਸਰ ਵਿੱਚ ਹੋਣ ਵਾਲੇ ਜੀ-20 ਸੰਮੇਲਨ ਦੇ ਕਾਰਜਕਾਰੀ ਸੈਸ਼ਨਾਂ ਲਈ ਪੁਖ਼ਤਾ ਪ੍ਰਬੰਧ ਯਕੀਨੀ ਬਣਾਉਣ। ਪੁਖ਼ਤਾ ਯੋਜਨਾਬੰਦੀ ਅਤੇ ਉਸ ਨੂੰ ਅਮਲੀ ਜਾਮਾ ਪਹਿਨਾਉਣ ਦੀ ਵਕਾਲਤ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਸਮਾਗਮ ਨੂੰ ਸਫ਼ਲ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਮਾਨ ਨੇ ਕਿਹਾ ਕਿ ਅਸੀਂ ਖੁਸ਼ਕਿਸਮਤ ਹਾਂ ਕਿ ਉਨ੍ਹਾਂ ਨੂੰ ਇਕ ਵਾਰ ਸੂਬੇ ਵਿੱਚ ਅਜਿਹਾ ਵੱਡ-ਆਕਾਰੀ ਸਮਾਗਮ ਕਰਵਾਉਣ ਦਾ ਮੌਕਾ ਮਿਲਿਆ ਹੈ ਅਤੇ ਅਫ਼ਵਾਹਾਂ ਜ਼ਰੀਏ ਪੰਜਾਬ ਨੂੰ ਬਦਨਾਮ ਕਰਨ ਦੀਆਂ ਕੋਸ਼ਿਸ਼ਾਂ ਕਰਨ ਵਾਲੇ ਕਦੇ ਕਾਮਯਾਬ ਨਹੀਂ ਹੋਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦਾ ਫ਼ਰਜ਼ ਬਣਦਾ ਹੈ ਕਿ ਉਹ ਸੰਮੇਲਨ ਵਿੱਚ ਹਿੱਸਾ ਲੈਣ ਵਾਲੇ ਪਤਵੰਤਿਆਂ ਦੇ ਆਰਾਮਦਾਇਕ ਠਹਿਰਾਅ ਲਈ ਪੁਖ਼ਤਾ ਪ੍ਰਬੰਧ ਕਰੇ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਆਰਾਮਦ-ਾਇਕ ਠਹਿਰ ਦਾ ਭਰੋਸਾ ਦੇਣ ਤੋਂ ਇਲਾਵਾ ਮਹਿਮਾਨਾਂ ਨੂੰ ਰਵਾਇਤੀ ਪੰਜਾਬੀ ਪਕਵਾਨ ਪਰੋਸੇ ਜਾਣਗੇ ਅਤੇ ਸ਼ਾਮ ਨੂੰ ਸੱਭਿਆਚਾਰਕ ਸਮਾਗਮਾਂ ਦੌਰਾਨ ਉਨ੍ਹਾਂ ਨੂੰ ਅਮੀਰ ਪੰਜਾਬੀ ਸੱਭਿਆਚਾਰ ਦੀ ਝਲਕ ਵੀ ਦਿਖਾਈ ਜਾਵੇਗੀ। ਭਗਵੰਤ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਪੰਜਾਬ ਸਰਕਾਰ ਸੂਬੇ ਵਿੱਚ ਜੀ-20 ਸੰਮੇਲਨ ਦੇ ਦੋ ਸੈਸ਼ਨਾਂ ਦੀ ਸਫ਼ਲਤਾਪੂਰਵਕ ਮੇਜ਼ਬਾਨੀ ਕਰ ਕੇ ਨਵਾਂ ਮਾਪਦੰਡ ਸਥਾਪਤ ਕਰੇਗੀ।

ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਇਹ ਬਹੁਤ ਹੀ ਤਸੱਲੀ ਤੇ ਮਾਣ ਵਾਲੀ ਗੱਲ ਹੈ ਕਿ ਸੂਬੇ ਵਿੱਚ ਜੀ-20 ਦੇ ਦੋ ਸੈਸ਼ਨ ਹੋ ਰਹੇ ਹਨ, ਪਹਿਲਾਂ ਸੈਸ਼ਨ 15, 16 ਅਤੇ 17 ਮਾਰਚ ਨੂੰ ਸਿੱਖਿਆ ਸਬੰਧੀ ਅਤੇ ਦੂਜਾ 19 ਤੇ 20 ਮਾਰਚ ਨੂੰ ਕਿਰਤ ਬਾਰੇ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਸੰਮੇਲਨ ਪੰਜਾਬ ਨੂੰ ਕੌਮਾਂਤਰੀ ਪੱਧਰ 'ਤੇ ਵਪਾਰ ਲਈ ਸਭ ਤੋਂ ਪਸੰਦੀਦਾ ਸਥਾਨ ਵਜੋਂ ਉਭਾਰੇਗਾ ਅਤੇ ਸਰਕਾਰ ਨੂੰ ਨਵੇਂ ਕਾਰੋਬਾਰ ਸਥਾਪਤ ਕਰਨ ਲਈ ਆਪਣੀਆਂ ਪ੍ਰਾਪਤੀਆਂ ਅਤੇ ਸਹੂਲਤਾਂ ਦਿਖਾਉਣ ਲਈ ਮੰਚ ਪ੍ਰਦਾਨ ਕਰੇਗਾ। ਉਨ੍ਹਾਂ ਕਿਹਾ ਕਿ ਇਹ ਸੁਨਹਿਰੀ ਮੌਕਾ ਹੈ, ਜਦੋਂ ਪੰਜਾਬ ਨੂੰ ਬਿਹਤਰੀਨ ਮੌਕਿਆਂ ਦੀ ਧਰਤੀ ਵਜੋਂ ਪੇਸ਼ ਕੀਤਾ ਜਾ ਸਕਦਾ ਹੈ ਅਤੇ ਵੱਧ ਤੋਂ ਵੱਧ ਨਿਵੇਸ਼ ਲਿਆ ਕੇ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕੀਤੇ ਜਾ ਸਕਦੇ ਹਨ।

ਮੁੱਖ ਮੰਤਰੀ ਭਗਵੰਤ ਮਾਨ ਨੇ ਅਧਿਕਾਰੀਆਂ ਨੂੰ ਆਖਿਆ ਕਿ ਇਸ ਵਿਸ਼ਵ ਪੱਧਰੀ ਸਮਾਗਮ ਦੀ ਸਫ਼ਲਤਾ ਲਈ ਵਿਆਪਕ ਪ੍ਰਬੰਧ ਯਕੀਨੀ ਬਣਾਏ ਜਾਣ। ਉਨ੍ਹਾਂ ਕਿਹਾ ਕਿ ਪੰਜਾਬ ਇਹ ਵੱਡ-ਆਕਾਰੀ ਸਮਾਗਮ ਕਰਵਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ, ਜਿਸ ਨਾਲ ਸੂਬੇ ਨੂੰ ਕੌਮਾਂਤਰੀ ਸੈਰ-ਸਪਾਟੇ ਦੀ ਰਾਹ 'ਤੇ ਹੋਰ ਅੱਗੇ ਲਿਆਂਦਾ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਇਸ ਸਮਾਗਮ ਵਿੱਚ ਹਰ ਪੰਜਾਬੀ ਨੂੰ ਸ਼ਾਮਲ ਕਰੇਗੀ ਤਾਂ ਜੋ ਸੂਬੇ ਦੀ ਅਮੀਰ ਵਿਰਾਸਤ ਨੂੰ ਆਉਣ ਵਾਲੇ ਮਹਿਮਾਨਾਂ ਨੂੰ ਵਿਖਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਯਕੀਨੀ ਬਣਾਉਣ ਲਈ ਵੀ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ ਕਿ ਆਉਣ ਵਾਲੇ ਡੈਲੀਗੇਟਾਂ ਦੀ ਸੂਬੇ ਵਿੱਚ ਠਹਿਰ ਨੂੰ ਯਾਦਗਾਰੀ ਬਣਾਇਆ ਜਾ ਸਕੇ।

# ਆਈ.ਪੀ.ਐਸ. ਪ੍ਰੋਬੇਸ਼ਨਰੀ ਅਧਿਕਾਰੀਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਕੀਤੀ ਮੁਲਾਕਾਤ

ਚੰਡੀਗੜ, 6 ਮਾਰਚ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਕਾਡਰ ਦੇ 2021 ਬੈਚ ਦੇ ਤਿੰਨ ਭਾਰਤੀ ਪੁਲਿਸ ਸੇਵਾਵਾਂ (ਆਈ.ਪੀ.ਐਸ.) ਪ੍ਰੋਬੇਸ਼ਨਰੀ ਅਫਸਰਾਂ, ਜਿਨਾਂ ਨੇ ਹਾਲ ਹੀ ਵਿੱਚ ਆਪਣੀ ਮੁੱਢਲੀ ਸਿਖਲਾਈ ਪੂਰੀ ਕੀਤੀ ਹੈ , ਦੇ ਨਵੇਂ ਬੈਚ ਨਾਲ ਪਲੇਠੀ ਮੀਟਿੰਗ ਕੀਤੀ।



ਪ੍ਰੋਬੇਸ਼ਨਰੀ ਅਧਿਕਾਰੀ ਜਿਨਾਂ ਵਿੱਚ ਆਕਰਸ਼ੀ ਜੈਨ, ਜਯੰਤ ਪੁਰੀ ਅਤੇ ਡਾਕਟਰ ਵਿਨੀਤ ਅਹਲਾਵਤ ਸ਼ਾਮਲ ਹਨ, ਨੇ ਸੋਮਵਾਰ ਨੂੰ ਇੱਥੇ ਮੁੱਖ ਮੰਤਰੀ ਪੰਜਾਬ ਨਾਲ ਮੁਲਾਕਾਤ ਕੀਤੀ।

ਮੁੱਖ ਮੰਤਰੀ ਨੇ ਪੰਜਾਬ ਵਿੱਚ ਨੌਜਵਾਨ ਅਧਿਕਾਰੀਆਂ ਦਾ ਸਵਾਗਤ ਕਰਦਿਆਂ ਉਨਾਂ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਡਿਊਟੀ ਨਿਭਾਉਣ ਲਈ ਕਿਹਾ। ਉਨਾਂ ਨੇ ਰਾਜ ਦੀ ਬਿਹਤਰੀ ਲਈ ਕੰਮ ਕਰਦੇ ਹੋਏ ਇੱਕ ਆਧੁਨਿਕ ਅਤੇ ਉੱਚ ਕੁਸ਼ਲ ਪੁਲਿਸਿੰਗ ਈਕੋਸਿਸਟਮ ਤਿਆਰ ਕਰਨ ਲਈ ਵੀ ਅਪੀਲ ਕੀਤੀ।

ਮਾਨ ਨੇ ਉਕਤ ਅਧਿਕਾਰੀਆਂ ਨੂੰ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਸਮਝਣ ਅਤੇ ਉਨਾਂ ਦੇ ਹੱਲ ਸੁਝਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਲਈ ਕਿਹਾ।

ਮੁੱਖ ਮੰਤਰੀ ਨੇ ਨਵੇਂ ਭਰਤੀ ਹੋਏ ਇਨਾਂ ਸਾਰੇ ਅਧਿਕਾਰੀਆਂ ਨੂੰ ਤਰੱਕੀ ਦੀਆਂ ਬੁਲੰਦੀਆਂ 'ਤੇ ਤਾਰਿਆਂ ਵਾਂਗ ਚਮਕਦੇ ਰਹਿਣ ਦੀ ਕਾਮਨਾ ਕਰਦੇ ਹੋਏ ਸ਼ੁਭਕਾਮਨਾਵਾਂ ਦਿੱਤੀਆਂ।

# ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਲੀਗਲ ਮੀਟਰੋਲੋਜੀ ਵਿੰਗ ਵਿੱਚ 10 ਨਵੇਂ ਨਿਯੁਕਤ ਕਲਰਕਾਂ ਨੂੰ ਨਿਯੁਕਤੀ ਪੱਤਰਾਂ ਦੀ ਵੰਡ

ਚੰਡੀਗੜ੍ਹ, 6 ਮਾਰਚ (ਗਿਆਨ ਸਿੰਘ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਨੌਜਵਾਨਾਂ ਨੂੰ ਰੁਜਗਾਰ ਦੇਣ ਦੇ ਬਾਅਦੇ ਤਹਿਤ ਖੁਰਾਕ, ਸਿਵਲ ਸਪਲਾਈਜ ਅਤੇ ਖਪਤਕਾਰ ਮਾਮਲੇ ਵਿਭਾਗ ਪੰਜਾਬ ਸ੍ਰੀ ਲਾਲ ਚੰਦ ਕਟਾਰੂਚੱਕ ਵੱਲੋਂ ਅੱਜ ਅਨਾਜ ਭਵਨ, ਸੈਕਟਰ 39 ਸੀ, ਚੰਡੀਗੜ੍ਹ ਵਿਖੇ ਖੁਰਾਕ, ਸਿਵਲ ਸਪਲਾਈਜ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਲੀਗਲ ਮੀਟਰੋਲੋਜੀ ਵਿੰਗ ਵਿੱਚ ਨਵ-ਨਿਯੁਕਤ 10 ਕਲਰਕਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ। ਮੰਤਰੀ ਵੱਲੋਂ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਜਾਰੀ ਕਰਨ ਸਮੇਂ ਪੂਰੀ ਮਿਹਨਤ ਨਾਲ ਕੰਮ ਕਰਨ ਲਈ ਉਤਸ਼ਾਹਿਤ ਕੀਤਾ ਗਿਆ।



ਇਸ ਮੌਕੇ ਉਨ੍ਹਾਂ ਵੱਲੋਂ ਲੀਗਲ ਮੀਟਰੋਲੋਜੀ ਵਿਭਾਗ ਨਾਲ ਸਬੰਧਤ ਕੰਮ ਕਰਵਾਉਣ ਲਈ ਆਮ ਲੋਕਾਂ ਅਤੇ ਵਪਾਰੀਆਂ ਨੂੰ ਸਹੂਲਤ ਦੇਣ ਵੱਲ ਅਹਿਮ ਕਦਮ ਚੁੱਕਦੇ ਹੋਏ ਲੀਗਲ ਮੀਟਰੋਲੋਜੀ ਵਿੰਗ ਦੇ ਮਾਪਤੋਲ ਉਪਕਰਣਾਂ ਦੀ ਪੜਤਾਲ ਦੇ ਕੰਮ ਨੂੰ ਸਿੰਗਲ ਵਿੰਡੋ ਸਿਸਟਮ ਨਾਲ ਜੋੜਨ ਦਾ ਆਗਾਜ਼ ਵੀ ਕੀਤਾ ਗਿਆ ਜਿਸ ਨਾਲ ਹੁਣ ਵਪਾਰੀ ਆਪਣੇ ਮਾਪ ਤੋਲ ਉਪਕਰਣਾਂ ਦੀ ਪੜਤਾਲ ਲਈ ਵਪਾਰਕ ਸਥਾਨ ਜਾਂ ਘਰ ਬੈਠਾ ਹੀ ਆਨ ਲਾਇਨ ਅਪਲਾਈ ਕਰ ਸਕਦਾ ਹੈ।

ਲੀਗਲ ਮੀਟਰੋਲੋਜੀ ਵਿੰਗ ਨਾਲ ਸਬੰਧਤ ਮੁੱਖ ਕੰਮ ਲੀਗਲ ਮੀਟਰੋਲੋਜੀ ਐਕਟ 2009 ਅਤੇ ਇਸ ਅਧੀਨ ਨਿਯਮਾਂ ਦੀ ਪਾਲਣਾ ਕਰਵਾਉਂਦੇ ਹੋਏ ਖਪਤਕਾਰਾਂ ਦੇ ਹਿੱਤਾਂ ਦੀ ਰਾਖੀ ਲਈ ਮਾਪਤੋਲ ਉਪਕਰਣਾਂ ਦੀ ਸਾਲਾਨਾ ਪੜਤਾਲ ਅਤੇ ਨਿਰੀਖਣ, ਨਿਰਮਾਣ ਕਰਤਾ/ਡੀਲਰ/ਰਿਪੇਅਰਰ ਦੇ ਨਵੇਂ ਲਾਇਸੰਸ ਜਾਰੀ ਕਰਨਾ ਅਤੇ ਰੀਨਿਊਲ, ਡੱਬਾ ਬੰਦ ਵਸਤੂਆਂ ਦੀਆਂ ਨਿਰਮਾਣ ਕਰਤਾ ਇਕਾਈਆਂ ਦੀ ਰਜਿਸਟ੍ਰੇਸ਼ਨ ਅਤੇ ਨਿਰੀਖਣ ਹੈ। ਇਸ ਮੌਕੇ ਕੰਟਰੋਲਰ ਲੀਗਲ ਮੀਟਰੋਲੋਜੀ ਪੰਜਾਬ ਪਰਮਪਾਲ ਕੌਰ ਸਿੱਧੂ ਹਾਜ਼ਰਿ ਸਨ।

# ਡਿਪਟੀ ਕਮਿਸ਼ਨਰ ਵਲੋਂ ਮਹਾਰਾਜਾ ਦਲੀਪ ਸਿੰਘ ਸਮਾਰਕ ਦਾ ਦੌਰਾ

ਬੱਸੀਆਂ (ਲੁਧਿਆਣਾ), 6 ਮਾਰਚ (ਗਿਆਨ ਸਿੰਘ): ਡਿਪਟੀ ਕਮਿਸ਼ਨਰ ਸੁਰਭੀ ਮਲਿਕ ਵਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਮਹਾਰਾਜਾ ਦਲੀਪ ਸਿੰਘ ਯਾਦਗਾਰ, ਜਿਸ ਨੂੰ ਆਮ ਤੌਰ 'ਤੇ ਬੱਸੀਆਂ ਕੋਠੀ ਵਜੋਂ ਵੀ ਜਾਣਿ-ਆ ਜਾਂਦਾ ਹੈ, ਦੀ ਪੁਰਾਣੀ ਸ਼ਾਨ ਨੂੰ ਬਹਾਲ ਕਰਨ ਲਈ ਸੁਹਿਰਦ ਯਤਨ ਕੀਤੇ ਜਾਣਗੇ।





ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਅਮਿਤ ਕੁਮਾਰ ਪੰਚਾਲ, ਐਸ.ਡੀ.ਐਮ. ਗੁਰਬੀਰ ਸਿੰਘ ਕੋਹਲੀ ਦੇ ਨਾਲ ਡਿਪਟੀ ਕਮਿਸ਼ਨਰ ਸੁਰਭੀ ਮਲਿਕ ਨੇ ਦੱਸਿਆ ਕਿ ਬੱਸੀਆਂ ਕੋਠੀ ਸਿੱਖ ਵਿਰਸੇ ਦੀ 200 ਸਾਲ ਤੋਂ ਵੱਧ ਪੁਰਾਣੀ ਯਾਦਗਾਰ ਹੈ, ਜਿਸ ਨੂੰ ਆਖਰੀ ਸਿੱਖ ਮਹਾਰਾਜਾ ਸਵਰਗੀ ਮਹਾਰਾਜਾ ਦਲੀਪ ਸਿੰਘ ਦੀ ਯਾਦ ਵਿੱਚ ਯਾਦਗਾਰ ਵਜੋਂ ਵਿਕਸਤ ਕੀਤਾ ਗਿਆ ਸੀ। ਇਹ ਬੱਸੀਆਂ ਕੋਠੀ ਵਿਖੇ ਸੀ ਜਿੱਥੇ ਮਹਾਰਾਜਾ ਦਲੀਪ ਸਿੰਘ ਨੂੰ 1849 ਵਿਚ ਆਪਣੀ ਜਲਾਵਤਨੀ ਤੋਂ ਪਹਿਲਾਂ ਅੰਗਰੇਜ਼ਾਂ ਦੁਆਰਾ ਗ੍ਰਿਫਤਾਰ ਕਰਕੇ ਕੈਦ ਵਿਚ ਰੱਖਿਆ ਗਿਆ ਸੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਫੰਡਾਂ ਲਈ ਸਰਕਾਰ ਨੂੰ ਪ੍ਰਸਤਾਵ ਭੇਜਿਆ ਗਿਆ ਹੈ ਤਾਂ ਜੋ ਲੋੜੀਂਦੇ ਕੰਮਾਂ ਨੂੰ ਨੇਪਰੇ ਚਾੜ੍ਹਿਆ ਜਾ ਸਕੇ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਯਾਦਗਾਰ ਦੇ ਰੱਖ-ਰਖਾਅ ਅਤੇ ਹੋਰ ਕੰਮਾਂ ਲਈ ਸੀ.ਐਸ.ਆਰ. ਫੰਡਾਂ ਦੀ ਵਰਤੋਂ ਵੀ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਮਲਿਕ ਨੇ ਕਿਹਾ ਕਿ ਜ਼ਿਲ੍ਹੇ ਦੇ ਸਕੂਲਾਂ ਅਤੇ ਕਾਲਜਾਂ ਨੂੰ ਵੀ ਹਦਾਇਤ ਜਾਰੀ ਕੀਤੀ ਜਾਵੇਗੀ ਕਿ ਉਹ ਆਪਣੇ ਵਿਦਿਆਰਥੀਆਂ ਨੂੰ ਯਾਦਗਾਰ ਵੇਖਣ ਲਈ ਭੇਜਣ ਤਾਂ ਜੋ ਨੌਜਵਾਨ ਪੀੜ੍ਹੀ ਪੰਜਾਬ ਦੇ ਇਤਿਹਾਸ ਤੋਂ ਜਾਣੂੰ ਹੋ ਸਕੇ। ਬਾਅਦ ਵਿੱਚ ਡਿਪਟੀ ਕਮਿਸ਼ਨਰ ਵਲੋਂ ਯਾਦਗਾਰ ਦਾ ਦੌਰਾ ਵੀ ਕੀਤਾ ਗਿਆ।




NEED A LAWYER ??

KAUR LAW OFFICE

Red Seal NOTARY

MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1


# ਗੁਰਮੀਤ ਕੜਿਆਲਵੀ ਮਹਿੰਦਰ ਸਾਥੀ ਮੰਚ ਦੇ ਪ੍ਰਧਾਨ, ਰਣਜੀਤ ਸਰਾਂਵਾਲੀ ਜਨਰਲ ਸਕੱਤਰ ਤੇ ਅਮਰ ਸੂਫੀ ਮੰਚ ਦੇ ਮੁੱਖ ਸਲਾਹਕਾਰ ਬਣੇ

ਚੰਡੀਗੜ੍ਹ, 6 ਮਾਰਚ (ਗਿਆਨ ਸਿੰਘ): ਮਹਿੰਦਰ ਸਾਥੀ ਯਾਦਗਾਰੀ ਮੰਚ (ਰਜਿ:) ਮੋਗਾ ਦੀ ਚੋਣ ਮੰਚ ਦੇ ਕਾਨੂੰਨੀ ਸਲਾਹਕਾਰ ਅਤੇ ਚੋਣ ਅਧਿਕਾਰੀ ਐਡਵੋਕੇਟ ਗੁਰਪ੍ਰੀਤ ਸਿੰਘ ਭੱਟੀ ਦੀ ਦੇਖ ਰੇਖ ਹੇਠ ਕਰਵ ਇਮੀਗ੍ਰੇਸ਼ਨ ਮੋਗਾ ਵਿਖੇ ਹੋਈ। ਮੰਚ ਦੇ ਸਰਪ੍ਰਸਤ ਗੁਰ-ਬਚਨ ਚਿੰਤਕ (ਕਨੇਡਾ) ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ।



ਸਭ ਤੋਂ ਪਹਿਲਾਂ ਮੰਚ ਦੇ ਜਨਰਲ ਸਕੱਤਰ ਰਣਜੀਤ ਸਰਾਂਵਾਲੀ ਨੇ ਪਿਛਲੇ ਦੋ ਸਾਲਾਂ ਦੀ ਕਾਰਗੁਜ਼ਾਰੀ ਸਬੰਧੀ ਰਿਪੋਰਟ ਪੇਸ਼ ਕੀਤੀ ਜਿਸ ਉਪਰ ਕਾਰਜਕਾਰਨੀ ਨੇ ਤਸੱਲੀ ਪ੍ਰਗਟ ਕੀਤੀ। ਵਿੱਤ ਸਕੱਤਰ ਗੁਰਪ੍ਰੀਤ ਧਰਮਕੋਟ ਨੇ ਵਿੱਤੀ ਰਿਪੋਰਟ ਪੇਸ਼ ਕਰਦਿਆਂ ਆਮਦਨ ਤੇ ਖਰਚ ਦਾ ਬਿਉਰਾ ਰੱਖਿਆ।

ਕਾਰਜਕਾਰਨੀ ਦੇ ਹਾਜ਼ਰ ਮੈਂਬਰਾਂ ਨੇ ਸਾਲ 2023 ਅਤੇ 24 ਲਈ ਸਰਬਸੰਮਤੀ ਨਾਲ ਪਿਛਲੀ ਟੀਮ ਨੂੰ ਹੀ ਚੁਣ ਲਿਆ। ਇਸ ਨਵੀਂ ਟੀਮ ਵਿਚ ਕਹਾਣੀਕਾਰ ਗੁਰਮੀਤ ਕੜਿਆਲਵੀ ਪ੍ਰਧਾਨ, ਪ੍ਰਸਿੱਧ ਸ਼ਾਇਰ ਰਣਜੀਤ ਸਰਾਂਵਾਲੀ ਜਨਰਲ ਸਕੱਤਰ, ਨਵਨੀਤ ਸੇਖਾ ਸੀਨੀਅਰ ਮੀਤ ਪ੍ਰਧਾਨ, ਗੁਰਦੀਪ ਲੋਪੋ ਮੀਤ ਪ੍ਰਧਾਨ, ਇਕਬਾਲ ਦੁਨੇਕੇ ਸਕੱਤਰ, ਧਾਮੀ ਗਿੱਲ ਸਕੱਤਰ, ਗੁਰਪ੍ਰੀਤ ਧਰਮਕੋਟ ਵਿੱਤ ਸਕੱਤਰ, ਅਮਰ ਘੋਲੀਆ ਮੀਡੀਆ ਕੁਆਰਡੀਨੇਟਰ ਅਤੇ ਗੁਰਪ੍ਰੀਤ ਸਿੰਘ ਭੱਟੀ ਕਾਨੂੰਨੀ ਸਲਾਹਕਾਰ ਦੇ ਅਹੁਦਿਆਂ ਲਈ ਚੁਣੇ ਗਏ। ਜਿਲ੍ਹਾ ਭਾਸ਼ਾ ਭਾਸ਼ਾ ਅਫਸਰ ਤੇ ਸ਼ਾਇਰ ਡਾ ਅਜੀਤਪਾਲ ਸਿੰਘ, ਹਰਵਿੰਦਰ ਬਿਲਾ-ਸਪੁਰ, ਦਰਸ਼ਨ ਦੋਸਾਂਝ, ਚਰਨਜੀਤ ਸਮਾਲਸਰ, ਅਮਰਪ੍ਰੀਤ ਕੌਰ ਸੰਘਾ, ਪ੍ਰੋ ਕਰਮਜੀਤ ਕੌਰ ਧਰਮਕੋਟ, ਸਰਬਜੀਤ ਕੌਰ ਮਾਹਲਾ, ਸੋਨੀਆ ਸਿਮਰ, ਅਮਰਜੀਤ ਸਨੇਰ੍ਹਵੀ, ਨਾਵਲਕਾਰ ਕ੍ਰਿਸ਼ਨ ਪ੍ਰਤਾਪ, ਜਸਵਿੰਦਰ ਧਰਮਕੋਟ, ਗੁਰਮੀਤ ਰੱਖਰਾ ਕੜਿਆਲ, ਪ੍ਰਦੀਪ ਰੱਖਰਾ, ਸ਼ੀਰਾ ਗਰੇਵਾਲ ਰੌਂਤਾ, ਦਿਲਬਾਗ ਬੁੱਕਣਵਾਲਾ, ਨਵਜੀਤ ਸਿੰਘ ਈ ਟੀ ਓ, ਦੀਪ ਜ਼ੈਲਦਾਰ, ਅਵਤਾਰ ਕਮਾਲ ਅਤੇ ਸੋਨੀ ਮੋਗਾ ਦੀ ਕਾਰਜਕਾਰਨੀ ਲਈ ਚੋਣ ਹੋਈ।

ਚੋਣ ਅਧਿਕਾਰੀ ਐਡਵੋਕੇਟ ਗੁਰਪ੍ਰੀਤ ਭੱਟੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪ੍ਰਸਿੱਧ ਨਾਵਲਕਾਰ ਜਰਨੈਲ ਸਿੰਘ ਸੇਖਾ (ਕਨੇਡਾ), ਗੁਰਬਚਨ ਚਿੰਤਕ (ਕਨੇਡਾ), ਪ੍ਰਿੰਸੀਪਲ ਸੁਰਿੰਦਰਪਾਲ ਕੌਰ ਬਰਾੜ (ਕਨੇਡਾ), ਅਤੇ ਡਾ ਸੰਦੀਪ ਦਾਖਾ ਮੰਚ ਦੇ ਸਰਪ੍ਰਸਤ ਹੋਣਗੇ। ਨਾਮਵਰ ਸ਼ਾਇਰ ਅਮਰ ਸੂਫੀ ਮੰਚ ਦੇ ਮੁੱਖ ਸਲਾਹਕਾਰ ਹੋਣਗੇ। ਸਲਾਹਕਾਰਾਂ 'ਚ ਇੰਗਲੈਂਡ ਰਹਿੰਦੇ ਨਾਵਲਕਾਰ ਜਸਵਿੰਦਰ ਰੱਤੀਆਂ, ਪ੍ਰੀਤ ਮਨਪ੍ਰੀਤ (ਕਨੇਡਾ), ਗੁਰਪਾਲ ਸੰਧੂ (ਆਸਟ੍ਰੇਲੀਆ), ਪ੍ਰਸਿੱਧ ਕਹਾਣੀਕਾਰ ਪਵਿੱਤਰ ਕੌਰ ਮਾਟੀ (ਯੂ ਐਸ ਏ), ਸ਼ਾਇਰਾ ਨੀਲੂ ਜਰਮਨੀ (ਜਰਮਨੀ), ਨਾਵਲਕਾਰ ਮਹਿੰਦਰਪਾਲ ਸਿੰਘ ਧਾਲੀਵਾਲ (ਇੰਗਲੈਂਡ), ਨਾਹਰ ਔਜਲਾ (ਕਨੇਡਾ) ਅਤੇ ਬਲਤੇਜ ਕੜਿਆਲ (ਬਰੈਂਪਟਨ-ਕਨੇਡਾ) ਦੇ ਨਾਂ ਸ਼ਾਮਿਲ ਹਨ।

ਅੰਤ 'ਚ ਕਾਰਜਕਾਰਨੀ ਦੀ ਸਹਿਮਤੀ ਨਾਲ ਆਉਣ ਵਾਲੇ ਸਮੇ 'ਚ ਕੀਤੇ ਜਾਣ ਵਾਲੇ ਕੁੱਝ ਨਵੇਂ ਪ੍ਰੋਗਰਾਮਾਂ ਦੀ ਰੂਪ ਰੇਖਾ ਉਲੀਕੀ ਗਈ। ਮੰਚ ਵਲੋਂ ਹਰ ਸਾਲ ਮਹਿੰਦਰ ਸਾਥੀ ਦੇ ਜਨਮ ਦਿਨ 'ਤੇ ਵਿਸ਼ੇਸ਼ ਸਮਾਗਮ ਕਰਨ ਦਾ ਨਿਰਣਾ ਲਿਆ ਗਿਆ।


ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ।।

RSFO
Ramgarhia Sikh Foundation of Ontario

Ramgarhia Sikh Foundation of Ontario
10th International Award 2023

Dedicated to the 300th Birth Anniversary of Maharaja Jassa Singh Ramgarhia

300 ਸਾਲਾ ਮਹਾਰਾਜਾ ਰਾਮਗੜ੍ਹੀਆ ਦੇ ਨਾਮ

| | | |
|---|---|---|
| 19th May | Welcoming Guests | 10am |
| 19th May | Lunch | 1pm to 3pm |
| 20th May | Seminar | 10am to 4pm |
| 21th May | Presentation of Awards | 10am to 4pm |

on Friday, 19th May 2023
10:00am to 6:00pm
Century Gardens Recreations Complex (Auditorium 1)
340 Vodden Street East, Brampton, ON, L6V 2N2



Bhupinder Singh Seera (647) 833-6960
Ravinder Pal Singh Sond (647) 403-6767
Gurucharan Singh (Dubai) (416) 845-1019
Mohinder Singh Kundi (647) 294-1669
Harpal Singh Matharu (416) 579 3817
Jaswinder Singh Bhachu (416) 728 2776
Baldev Singh Mankoo (647) 2089729
Karnail Singh Marwaha (416) 567 5159

Daljit S. Gaidhu, Chairman, 416-305-9878
Jasbir S. Sehmbi, Vice Chairman, 437-774-1410
Manjit S. Bhachu, President, 416-275-2374
Jarnail S. Matharu, Treasurer, 416-409-6207
Hardial S. Jheeta, General Secretary, 647-409-8915

Address: 7956 Torbram Road #40, Bldg-B, Brampton, ON, L6T 5A2, Canada


# ਡੀ.ਸੀ. ਨੇ ਨਾਗਰਿਕਾਂ ਨੂੰ ਆਪਣਾ ਆਧਾਰ ਅਪਡੇਟ ਕਰਨ ਦੀ ਕੀਤੀ ਅਪੀਲ

ਮੋਗਾ, 6 ਮਾਰਚ (ਗਿਆਨ ਸਿੰਘ): ਪਛਾਣ ਦੇ ਸਬੂਤਾਂ ਅਤੇ ਪਤੇ ਦੇ ਸਬੂਤਾਂ ਨਾਲ ਸਬੰਧਤ ਦਸਤਾਵੇਜ਼ ਜਮ੍ਹਾਂ ਕਰਵਾ ਕੇ ਆਧਾਰ ਕਾਰਡ ਨੂੰ ਮੁੜ ਤੋਂ ਪ੍ਰਮਾਣਿਤ ਕਰਨਾ ਜਰੂਰੀ ਹੈ ਅਤੇ ਇਸ ਨਾਲ ਆਧਾਰ ਕਾਰਡ ਨੂੰ ਹੋਰ ਮਜ਼ਬੂਤ ਪਛਾਣ ਦਸਤਾਵੇਜ਼ ਬਣਾਇਆ ਜਾ ਸਕਦਾ ਹੈ। ਇਸ ਲਈ ਸਰਕਾਰ ਵੱਲੋਂ ਆਧਾਰ ਕਾਰਡ ਨੂੰ ਅਪਡੇਟ ਕਰਨ ਦਾ ਨਵਾਂ ਅਭਿਆਸ ਵੀ ਚਲਾਇਆ ਜਾ ਰਿਹਾ ਹੈ।

ਇਸ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਮੋਗਾ ਸ੍ਰ. ਕੁਲਵੰਤ ਸਿੰਘ ਨੇ ਦੱਸਿਆ ਕਿ ਯੂ.ਆਈ.ਡੀ.ਏ.ਆਈ. ਨੇ ਆਧਾਰ ਕਾਰਡ ਨਾਲ ਨਵੇਂ ਪਛਾਣ ਦਸਤਾਵੇਜਾਂ ਨੂੰ ਅਪਲੋਡ ਕਰਨ ਲਈ ਆਪਸ਼ਨ ਵੀ ਦੇ ਦਿੱਤੀ ਹੈ। ਮਾਈ ਆਧਾਰ ਪੋਰਟਲ ਜਾਂ ਨੇੜੇ ਦੇ ਆਧਾਰ ਇਨਰੋਲਮੈਂਟ ਕੇਂਦਰਾਂ ਜਰੀਏ ਇਨ੍ਹਾਂ ਦਸਤਾਵੇਜ਼ਾਂ ਨੂੰ ਅਪਲੋਡ ਕੀਤਾ ਜਾ ਸਕਦਾ ਹੈ। ਇਹ ਆਧਾਰ ਇਨਰੋਲਮੈਂਟ ਕੇਂਦਰ ਬੈਂਕਾਂ, ਬੀ.ਐਸ.ਐਨ.ਐਲ. ਐਕਸਚੇਂਜਾਂ, ਸਰਕਾਰੀ ਡਾਕਖਾਨਿਆਂ, ਸੇਵਾ ਕੇਂਦਰਾਂ ਅਤੇ ਹੋਰ ਕਈ ਅਦਾਰਿਆਂ ਵਿੱਚ ਚੱਲ ਰਹੇ ਹਨ। ਉਨ੍ਹਾਂ ਦੱਸਿਆ ਕਿ ਜਿਹੜੇ ਨਾਗਰਿਕਾਂ ਨੇ ਪਿਛਲੇ 8 ਤੋਂ 10 ਸਾਲਾਂ ਦਰਮਿਆਨ ਆਪਣੇ ਆਧਾਰ ਕਾਰਡ ਵਿੱਚ ਕੋਈ ਵੀ ਅਪਡੇਸ਼ਨ ਨਹੀਂ ਕਰਵਾਈ ਉਹ ਅਪਡੇਸ਼ਨ ਕਰਵਾਉਣ ਨੂੰ ਯਕੀਨੀ ਬਣਾਉਣ। ਉਨ੍ਹਾਂ ਦੱਸਿਆ ਕਿ ਭਾਵੇਂ ਨਾਗਰਿਕਾਂ ਦੀ ਜਾਣਕਾਰੀ ਵਿੱਚ ਤਬਦੀਲੀ ਨਹੀਂ ਵੀ ਹੋਈ ਹੋਵੇ ਫਿਰ ਵੀ ਆਧਾਰ ਕਾਰਡ ਨਾਲ ਪਛਾਣ ਅਤੇ ਪਤੇ ਦੇ ਸਬੂਤਾਂ ਨੂੰ ਪ੍ਰਮਾਣਿਤ ਕਰਵਾਉਣਾ ਜਰੂਰੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜੇਕਰ ਮੋਬਾਇਲ ਨੰਬਰ ਆਧਾਰ ਕਾਰਡ ਰਜਿਸਟਰਡ ਹੈ ਤਾਂ ਨਿਵਾਸੀ ਆਨਲਾਈਨ ਇਸ ਸੇਵਾ ਦਾ ਲਾਭ ਲੈ ਸਕਦੇ ਹਨ। ਉਨ੍ਹਾਂ ਕਿਹਾ ਕਿ ਆਧਾਰ ਕਾਰਡ ਨਾਲ ਕਈ ਸਰਕਾਰੀ ਸੇਵਾਵਾਂ ਅਤੇ ਹੋਰ ਲਾਭ ਨਾਗਰਿਕਾਂ ਤੱਕ ਪਹੁੰਚਾਏ ਜਾਂਦੇ ਹਨ ਇਸ ਲਈ ਇਸਨੂੰ ਅਪਡੇਟ ਰੱਖਣਾ ਬਹੁਤ ਹੀ ਜਰੂਰੀ ਹੈ।


ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

# ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਵਲੋਂ ਹਲਕਾ ਖਰੜ ਦੇ ਵਿਕਾਸ ਪ੍ਰੋਜੈਕਟਾਂ ਦਾ ਜਾਇਜ਼ਾ

## ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ





ਮੋਹਾਲੀ, 6 ਮਾਰਚ (ਗਿਆਨ ਸਿੰਘ): ਹਲਕਾ ਖਰੜ ਦੀਆਂ ਮੁਸ਼ਕਲਾਂ ਦੇ ਹੱਲ ਤੇ ਵਿਕਾਸ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਵਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖੋ-ਵੱਖੋ ਵਿਭਾਗਾਂ ਦੇ ਅਧਿਕਾਰੀਆਂ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ।

ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਹਲਕਾ ਖਰੜ ਦਾ ਵਿਕਾਸ ਜੰਗੀ ਪੱਧਰ ਉੱਤੇ ਕਰਦਿਆਂ ਇਸ ਹਲਕੇ ਨੂੰ ਨਮੂਨੇ ਦਾ ਹਲਕਾ ਬਣਾਉਣ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਖਰੜ ਸ਼ਹਿਰ ਨੂੰ ਪੂਰੀ ਤਰ੍ਹਾਂ ਸਾਫ਼ ਸੁਥਰਾ ਤੇ ਸੋਹਣਾ ਬਣਾਇਆ ਜਾਵੇਗਾ ਤੇ ਸ਼ਹਿਰ ਵਿੱਚ ਵੱਧ ਤੋਂ ਵੱਧ ਬੂਟੇ ਲਾਏ ਜਾਣ।

*

ਉਹਨਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੀਆਂ ਸਕੀਮਾਂ ਦਾ ਇਕ-ਇਕ ਪੈਸਾ ਇਮਾਨਦਾਰੀ ਨਾਲ ਲੋਕਾਂ ਉੱਤੇ ਅਤੇ ਸੂਬੇ ਦੇ ਵਿਕਾਸ ਲਈ ਖ਼ਰਚ ਕੀਤਾ ਜਾਵੇ। ਵਿਕਾਸ ਕਾਰਜਾਂ ਸਬੰਧੀ ਫੰਡਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਵੱਡੇ ਪੱਧਰ ਉੱਤੇ ਇਹ ਯੋਜਨਾ ਤਿਆਰ ਕੀਤੀ ਜਾਵੇ ਕਿ ਖਰੜ ਸ਼ਹਿਰ ਨੂੰ ਨਮੂਨੇ ਦਾ ਸ਼ਹਿਰ ਬਣਾਇਆ ਜਾਵੇ, ਇਥੋਂ ਤੱਕ ਕੇ ਪੁਰਾਣੀਆਂ ਤੇ ਭੀੜੀਆਂ ਗਲੀਆਂ ਨੂੰ ਵੀ ਚੰਗੀ ਤੋਂ ਚੰਗੀ ਦਿੱਖ ਦਿੱਤੀ ਜਾਵੇ।

ਕੈਬਨਿਟ ਮੰਤਰੀ ਵੱਲੋਂ ਖਰੜ, ਕੁਰਾਲੀ ਅਤੇ ਨਯਾ ਗਾਓਂ ਨਗਰ ਕੌਂਸਲਾਂ ਵਲੋਂ ਕੀਤੇ ਜਾ ਰਹੇ ਕੰਮਾਂ ਦਾ ਜਾਇਜ਼ਾ ਲਿਆ ਗਿਆ। ਹੈਲਥ ਕੇਅਰ ਸੈਂਟਰ ਖਰੜ ਅਤੇ ਸੰਤੇ ਮਾਜਰਾ ਵਿਖੇ ਵੀ ਸਿਹਤ ਸਹੂਲਤਾਂ ਬਾਬਤ ਵੀ ਜਾਣਕਾਰੀ ਲਈ ਗਈ।

ਉਹਨਾਂ ਨੇ ਜਨਤਕ ਪਖਾਨੇ, ਸੜਕਾਂ ਦੇ ਕੰਮ, ਸਟਰੋਮ ਵਾਟਰ ਪਾਈਪਾਂ, ਸੀਵਰੇਜ ਸਬੰਧੀ ਮੁਰੰਮਤ ਕਾਰਜ ਤੈਅ ਸਮੇਂ ਵਿਚ ਮੁਕੰਮਲ ਕੀਤੇ ਜਾਣ। ਉਹਨਾਂ ਨੇ 15ਵੇਂ ਵਿੱਤ ਕਮਿਸ਼ਨ ਤਹਿਤ ਕੀਤੇ ਗਏ ਅਤੇ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਤੇ ਅਵਾਸ ਯੋਜਨਾ ਤਹਿਤ ਚਲ ਰਹੇ ਕਾਰਜ ਜਲਦ ਨੇਪਰੇ ਚਾੜ੍ਹਨ ਲਈ ਕਿਹਾ।

ਇਸ ਮੌਕੇ ਅਧਿਕਾਰੀਆਂ ਨੇ ਕੈਬਨਿਟ ਮੰਤਰੀ ਨੂੰ ਦੱਸਿਆ ਕਿ ਖਰੜ ਦੇ ਸਾਰੇ ਵਾਰਡਾਂ ਵਿਚ ਡੋਰ ਟੂ ਡੋਰ ਕੂੜਾ ਇੱਕਤਰ ਕੀਤਾ ਜਾਂਦਾ ਹੈ। ਕੂੜੇ ਦੇ ਸਮੁੱਚੇ ਪ੍ਰਬੰਧਨ ਬਾਬਤ ਜਾਣਕਾਰੀ ਸਾਂਝੀ ਕੀਤੀ ਗਈ। ਉਹਨਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸੇ ਵੀ ਯੋਗ ਲਾਭਪਾਤਰੀ ਨੂੰ ਕਿਸੇ ਵੀ ਸਰਕਾਰੀ ਸਕੀਮ ਦੇ ਲਾਭ ਤੋਂ ਵਾਂਝਾ ਨਾ ਰਹਿਣ ਨਾ ਦਿੱਤਾ ਜਾਵੇ।

ਖਰੜ ਸ਼ਹਿਰ ਦੇ ਮੁੱਖ ਪੁਆਇੰਟਾਂ ਉੱਤੇ ਵੱਡੇ ਕੂੜੇਦਾਨ ਲਾ ਦਿੱਤੇ ਜਾਣ, ਖ਼ਾਸ ਕਰ ਕੇ ਜਿੱਥੇ ਖਾਣ ਪੀਣ ਦੀਆਂ ਦੁਕਾਨਾਂ ਤੇ ਰੇਹੜੀਆਂ ਫੜੀਆਂ ਲਗਦੀਆਂ ਹਨ। ਨਗਰ ਕੌਂਸਲ ਵਲੋਂ ਜਿਥੇ ਵੈਂਡਿੰਗ ਜ਼ੋਨ ਬਣਾਇਆ ਗਿਆ ਹੈ, ਉੱਥੇ ਵੱਡੇ ਕੂੜੇਦਾਨ ਲਾਉਣੇ ਯਕੀਨੀ ਬਣਾਏ ਜਾਣ।

ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਨੇ ਵੱਖੋ-ਵੱਖ ਸੀਵੇਜ ਟ੍ਰੀਟਮੈਂਟ ਪਲਾਂਟ (ਐੱਸ.ਟੀ.ਪੀਜ਼.) ਤੇ ਵਾਟਰ ਵਰਕਸ ਦੀ ਸਥਿਤੀ ਦਾ ਜਾਇਜ਼ਾ ਲਿਆ ਅਤੇ ਲੋੜੀਂਦੇ ਹੁਕਮ ਜਾਰੀ ਕੀਤੇ। ਉਹਨਾਂ ਨੇ ਵਾਟਰ ਸਪਲਾਈ ਸਬੰਧੀ ਦਿੱਕਤਾਂ ਦੇ ਹੱਲ ਲਈ ਵੀ ਵਿਚਾਰ ਵਟਾਂਦਰਾ ਕੀਤਾ। ਰਹਿੰਦੇ ਸੀਵਰੇਜ ਪ੍ਰੋਜੈਕਟ ਜਲਦ ਤੋਂ ਜਲਦ ਪੂਰੇ ਕਰਨ ਦੇ ਨਿਰਦੇਸ਼ ਦਿੱਤੇ। ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਵਿਕਾਸ ਕਾਰਜਾਂ ਅਤੇ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਪੂਰਨ ਸਮਰਪਣ ਭਾਵਨਾ ਅਤੇ ਇਕ ਮਿਸ਼ਨ ਵਾਂਗ ਕੰਮ ਕਰਨ ਤਾਂ ਜੋ ਲੋਕਾਂ ਦੀ ਜ਼ਿੰਦਗੀ ਵਿਚ ਸਿਫਤੀ ਤਬਦੀਲੀ ਆ ਸਕੇ।

ਉਹਨਾਂ ਨੇ ਪਿੰਡਾਂ ਵਿਚ ਮੀਂਹ ਦਾ ਪਾਣੀ ਸਾਂਭਣ ਲਈ ਅੰਮ੍ਰਿਤ ਸਰੋਵਰ ਬਣਾਉਣ ਦੇ ਪ੍ਰੋਜੈਕਟ ਵੀ ਜਲਦ ਤੋਂ ਜਲਦ ਪੂਰੇ ਕਰਨ ਦੀਆਂ ਹਦਾਇਤਾਂ ਦਿੱਤੀਆਂ। ਨਾਲ ਹੀ ਪਿੰਡਾਂ ਵਿਚ ਕੂੜੇ ਦੇ ਪ੍ਰਬੰਧਨ ਲਈ ਯੋਗ ਕਦਮ ਚੁੱਕਣ ਦੀ ਹਦਾਇਤ ਕੀਤੀ ਤਾਂ ਜੋ ਪਿੰਡਾਂ ਨੂੰ ਸਾਫ ਸੁਥਰਾ ਤੇ ਸੋਹਣਾ ਬਣਾਇਆ ਜਾ ਸਕੇ। ਉਹਨਾਂ ਨੇ ਪਿੰਡਾਂ ਦੀਆਂ ਟੋਭਿਆਂ ਸਬੰਧੀ ਸਫਾਈ ਕਾਰਜ ਕਰਨ ਅਤੇ ਪੇਂਡੂ ਖੇਤਰਾਂ ਵਿਚ ਵੱਧ ਤੋਂ ਵੱਧ ਬੂਟੇ ਲਾਉਣ ਲਈ ਨਿਰਦੇਸ਼ ਦਿੱਤੇ।

ਕੈਬਨਿਟ ਮੰਤਰੀ ਨੇ ਖਰੜ ਖੇਤਰ ਵਿੱਚ ਸਿਹਤ ਸਹੂਲਤਾਂ ਬਾਬਤ ਬਾਰੀਕੀ ਨਾਲ ਅਧਿਐਨ ਕੀਤਾ।

ਉਹਨਾਂ ਕਿਹਾ ਕਿ ਕੁਰਾਲੀ ਸੀ.ਐੱਚ.ਸੀ. ਦੀ ਨਵੀਂ ਇਮਾਰਤ ਸਬੰਧੀ ਕਵਰਾਈ ਲਗਾਤਾਰ ਕੀਤੀ ਜਾ ਰਹੀ ਹੈ ਤੇ ਇਸ ਸਿਹਤ ਸੰਸਥਾ ਨੂੰ ਵਿਕਸਤ ਕਰਨ ਵਿਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਹਨਾਂ ਨੇ ਖਰੜ ਖੇਤਰ ਵਿਚ ਪਸ਼ੂ ਹਸਪਤਾਲਾਂ ਦੇ ਵਿਕਾਸ ਸਬੰਧੀ ਵੀ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਮੀਟਿੰਗ ਦੌਰਾਨ ਉਹਨਾਂ ਨੇ ਹਲਕੇ ਵਿਚ ਬਣਨ ਵਾਲੇ ਸਕੂਲ ਆਫ਼ ਐਮੀਨੈਂਸ ਦੀ ਪ੍ਰਗਤੀ ਦਾ ਜਾਇਜ਼ਾ ਵੀ ਲਿਆ ਤੇ ਜ਼ਰੂਰੀ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਨੇ ਕੈਬਨਿਟ ਮੰਤਰੀ ਨੂੰ ਭਰੋਸਾ ਦਿੱਤਾ ਕਿ ਉਹਨਾਂ ਵਲੋਂ ਜਾਰੀ ਨਿਰਦੇਸ਼ਾਂ ਨੂੰ ਇਨ ਬਿਨ ਲਾਗੂ ਕੀਤਾ ਜਾਵੇਗਾ ਤੇ ਜ਼ਿਲ੍ਹੇ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਨਿੰਦਰ ਕੌਰ ਬਰਾੜ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਦਮਨਜੀਤ ਸਿੰਘ ਮਾਨ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਵਨੀਤ ਕੌਰ, ਐੱਸ.ਡੀ.ਐਮ. ਖਰੜ ਰਵਿੰਦਰ ਸਿੰਘ ਸਮੇਤ ਵੱਖੋ ਵੱਖੋ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

OURR HOME & APPLIANCES
HURRY UP
LIMITED TIME OFFER
DEALS LIKE NEVER BEFORE
OURR PRICES ARE THE BEST
BEST DEALS ON
LUXURY KITCHEN APPLIANCES
WE CARRY ALL MAJOR BRANDS
UNBOXED UNITS & NEW IN BOX UNITS AVAILABLE
100% CUSTOMER SATISFACTION
DELIVERY AVAILABLE *CONDITIONS APPLY
PRICE BEAT GUARANTEE *CONDITIONS APPLY
USE THE PROMO CODE TO GET DISCOUNT
PROMO CODE - (COURR-2302FLYER)
WE ARE AN AUTHORIZED DEALER FOR ALL MAJOR BRANDS!
KitchenAid · moffat · MAYTAG · LG · Electrolux · JENNAIR · GE · AMANA · BOSCH · Whirlpool · SAMSUNG · FRIGIDAIRE · CAPITAL
UNIT #1, 241 CLARENCE ST, BRAMPTON, ON L6W 3E7 (416) 551 3343
44 FASKEN DR. #2-9 ETOBICOKE, ON M9W 5M8 (416) 792-0877
UNIT #6 410 LEWIS RD, STONEY CREEK, ON L8E 5Y7 (905) 643 0818
UNIT #4 -1540 FANSHAWE PARK ROAD WEST LONDON, ON N6H 5L8 (519) 641-1010
5781 HIGHWAY 7 UNIT 10, VAUGHAN, ON L4L 1T8 (416) 477 5556
1050 SPEERS ROAD, OAKVILLE, ON, L6L 2X4 (416) 613 0555
416-551-5553
WWW.OURRHOMEAPPLIANCES.COM

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Marriage
Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
ਲੇਡੀਜ਼ ਇਸਟ੍ਰਕਟਰ
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਉਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
647-998-7500 ਬਲਵਿੰਦਰ

## ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeep-kaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ। ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

## ਲੜਕੇ ਦੀ ਲੋੜ

June 24 1990, Height: 5 feet 7inches, Study: Bachelor of Nursing, Occupation: Registered Nurse (RN) Job: Employed at Brampton Civic Hospital, Boy should be preferably in Ludhiana district and Brampton, Jatt Sikh, No drugs or alcohol, Contact : 647-388-1992

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋਂ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

## ਲੜਕੇ ਦੀ ਲੋੜ

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਅਮਰੀਕਾ ’ਚ ਫਿਰ ਗੋਲੀਬਾਰੀ, ਜਾਰਜੀਆ ’ਚ ਹਾਊਸ ਪਾਰਟੀ ਵਿਚਾਲੇ ਗੋਲੀਬਾਰੀ, 2 ਨੌਜਵਾਨਾਂ ਦੀ ਮੌਤ



ਜਾਰਜੀਆ, 6 ਮਾਰਚ (ਪੋਸਟ ਬਿਊਰੋ): ਗੋਲੀਬਾਰੀ ਦੀ ਘਟਨਾ ਨਾਲ ਅਮਰੀਕਾ ਇਕ ਵਾਰ ਫਿਰ ਹਿੱਲ ਗਿਆ ਹੈ। ਇਸ ਵਾਰ ਗੋਲੀਬਾਰੀ ਇਕ ਹਾਊਸ ਪਾਰਟੀ ’ਚ ਹੋਈ, ਜਿਸ ’ਚ 100 ਤੋਂ ਜ਼ਿਆਦਾ ਨੌਜਵਾਨ ਮੌਜੂਦ ਸਨ। ਗੋਲੀਬਾਰੀ ’ਚ 2 ਨੌਜਵਾਨਾਂ ਦੀ ਮੌਤ ਹੋ ਗਈ ਹੈ, ਜਦਕਿ 6 ਗੰਭੀਰ ਜਖਮੀ ਦੱਸੇ ਜਾ ਰਹੇ ਹਨ। ਪੁਲਸ ਨੇ ਮੌਕੇ ’ਤੇ ਪਹੁੰਚ ਕੇ ਜਖਮੀਆਂ ਨੂੰ ਇਲਾਜ ਲਈ ਨਜ਼ਦੀਕੀ ਹਸਪਤਾਲ ਪਹੁੰਚਾਇਆ। ਫਿਲਹਾਲ ਪੁਲਸ ਮੁਲਜ਼ਮਾਂ ਦੀ ਭਾਲ ਲਈ ਆਸਪਾਸ ਦੇ ਇਲਾਕਿਆਂ ’ਚ ਛਾਪੇਮਾਰੀ ਕਰ ਰਹੀ ਹੈ।

ਰਿਪੋਰਟ ਮੁਤਾਬਕ ਗੋਲੀਬਾਰੀ ਦੀ ਇਹ ਘਟਨਾ ਅਮਰੀਕਾ ਦੇ ਜਾਰਜੀਆ ਸੂਬੇ ਦੇ ਡਗਲਸ ਸ਼ਹਿਰ ਵਿਚ ਵਾਪਰੀ। ਇਹ ਸ਼ਹਿਰ ਅਟਲਾਂਟਾ ਤੋਂ ਲਗਭਗ 32 ਕਿਲੋਮੀਟਰ ਪੱਛਮ ਵੱਲ ਹੈ। ਇਕ ਪਰਿਵਾਰ ਨੇ ਆਪਣੀ ਬੇਟੀ ਦੇ ਜਨਮਦਿਨ ’ਤੇ ਇਥੇ ਸਵੀਟ-16 ਪਾਰਟੀ ਰੱਖੀ ਸੀ। ਪਹਿਲਾਂ ਤੋਂ ਤੈਅ ਯੋਜਨਾ ਅਨੁਸਾਰ ਇਹ ਪਾਰਟੀ ਰਾਤ 10 ਵਜੇ ਸਮਾਪਤ ਹੋਣੀ ਸੀ। ਪਰ ਪਾਰਟੀ ਦੌਰਾਨ ਹੀ ਕੁਝ ਲੋਕਾਂ ਦਾ ਆਪਸ ਵਿਚ ਝਗੜਾ ਹੋ ਗਿਆ। ਇਹ ਝਗੜਾ ਇੰਨਾ ਵੱਧ ਗਿਆ ਕਿ ਪਾਰਟੀ ਦੇ ਵਿਚਕਾਰ ਗੋਲੀਬਾਰੀ ਸ਼ੁਰੂ ਹੋ ਗਈ।

ਅਚਾਨਕ ਹੋਈ ਗੋਲੀਬਾਰੀ ਦੀ ਇਸ ਘਟਨਾ ਤੋਂ ਬਾਅਦ ਪਾਰਟੀ ’ਚ ਮੌਜੂਦ ਸਾਰੇ ਲੋਕ ਹੈਰਾਨ ਰਹਿ ਗਏ। ਹਫੜਾ-ਦਫੜੀ ਦਾ ਮਾਹੌਲ ਸੀ। ਲੋਕ ਗੁਆਂਢੀਆਂ ਦੇ ਵਿਹੜੇ ਵੱਲ ਭੱਜਣ ਲੱਗੇ। ਪਾਰਟੀ ਦਾ ਆਯੋਜਨ ਕਰਨ ਵਾਲੇ ਪਰਿਵਾਰ ਨੇ ਪੁਲਿਸ ਨੂੰ ਦੱਸਿਆ ਕਿ ਸਮਾਗਮ ਵਿੱਚ ਸ਼ਾਮਲ ਕੁਝ ਨੌਜਵਾਨ ਗਾਂਜੇ ਦਾ ਸੇਵਨ ਕਰ ਰਹੇ ਸਨ।

# ਬਲੋਚਿਸਤਾਨ ਵਿਚ ਪੁਲਸ ਵੈਨ ’ਤੇ ਆਤਮਘਾਤੀ ਹਮਲਾ, 9 ਪੁਲਸ ਮੁਲਾਜ਼ਮਾਂ ਦੀ ਦਰਦਨਾਕ ਮੌਤ



ਬਲੋਚਿਸਤਾਨ, 6 ਮਾਰਚ (ਪੋਸਟ ਬਿਊਰੋ): ਪਾਕਿਸਤਾਨ ’ਚ ਫੌਜ ਅਤੇ ਪੁਲਸ ’ਤੇ ਅੱਤਵਾਦੀ ਹਮਲੇ ਰੁਕਣ ਦਾ ਨਾਂ ਨਹੀਂ ਲੈ ਰਹੇ ਹਨ। ਹੁਣ ਸੋਮਵਾਰ ਨੂੰ ਬਲੋਚਿਸਤਾਨ ਵਿਚ ਇਕ ਕਾਂਸਟੇਬਲਰੀ ਵੈਨ (ਪੁਲਿਸ ਵੈਨ) ’ਤੇ ਆਤਮਘਾਤੀ ਹਮਲਾ ਹੋਇਆ ਹੈ, ਜਿਸ ’ਚ 9 ਪੁਲਸ ਕਰਮਚਾਰੀ ਮਾਰੇ ਗਏ ਹਨ। ਧਮਾਕੇ ਵਿਚ 13 ਤੋਂ ਵੱਧ ਪੁਲਸ ਮੁਲਾਜ਼ਮ ਵੀ ਜ਼ਖਮੀ ਹੋਏ ਹਨ।

ਇਹ ਹਮਲਾ ਬਲੋਚਿਸਤਾਨ ਦੇ ਬੋਲਾਨ ਇਲਾਕੇ ਵਿਚ ਹੋਇਆ। ਪੁਲਿਸ ਵੈਨ ਬਲੋਚਿਸਤਾਨ ਦੇ ਸਿਬੀ ਤੋਂ ਕਵੇਟਾ ਪਰਤ ਰਹੀ ਸੀ। ਇਸ ਦੌਰਾਨ ਜਦੋਂ ਵੈਨ ਕੱਚੀ ਸਰਹੱਦ ਨਾਲ ਲੱਗਦੇ ਕੈਂਬਰੀ ਪੁਲ ਕੋਲ ਪੁੱਜੀ ਤਾਂ ਅਚਾਨਕ ਧਮਾਕਾ ਹੋ ਗਿਆ।

ਇਲਾਕੇ ਦੇ ਐਸਐਸਪੀ ਨੇ ਦੱਸਿਆ ਕਿ ਜਖਮੀਆਂ ਨੂੰ ਨੇੜਲੇ ਸਿਬੀ ਸਿਵਲ ਹਸਪਤਾਲ ਲਿਜਾਇਆ ਜਾ ਰਿਹਾ ਹੈ। ਬੰਬ ਨਿਰੋਧਕ ਦਸਤੇ ਦੇ ਨਾਲ-ਨਾਲ ਕਈ ਸੁਰੱਖਿਆ ਕਰਮਚਾਰੀ ਵੀ ਮੌਕੇ ’ਤੇ ਪਹੁੰਚ ਗਏ ਹਨ। ਇਲਾਕੇ ਦੀ ਘੇਰਾਬੰਦੀ ਕਰਕੇ ਤਲਾਸ਼ੀ ਮੁਹਿੰਮ ਚਲਾਈ ਜਾ ਰਹੀ ਹੈ।

ਦੱਸ ਦਈਏ ਕਿ ਬਲੋਚਿਸਤਾਨ ਦੀ ਜਿਸ ਕਾਂਸਟੇਬਲਰੀ ਪੁਲਸ ’ਤੇ ਇਹ ਹਮਲਾ ਹੋਇਆ ਹੈ, ਉਸ ਦਾ ਕੰਮ ਜੇਲ੍ਹਾਂ ਅਤੇ ਸੰਵੇਦਨਸ਼ੀਲ ਇਲਾਕਿਆਂ ’ਚ ਸੁਰੱਖਿਆ ਪ੍ਰਦਾਨ ਕਰਨਾ ਹੈ। ਫਿਲਹਾਲ ਹਮਲੇ ਦੀ ਜ਼ਿੰਮੇਵਾਰੀ ਕਿਸੇ ਨੇ ਨਹੀਂ ਲਈ ਹੈ। ਤੁਹਾਨੂੰ ਦੱਸ ਦੇਈਏ ਕਿ ਨਵੰਬਰ 2022 ਵਿਚ ਤਹਿਰੀਕ-ਏ-ਤਾਲਿਬਾਨ ਪਾਕਿਸਤਾਨ ਅਤੇ ਸਰਕਾਰ ਵਿਚਾਲੇ ਗੱਲਬਾਤ ਟੁੱਟਣ ਤੋਂ ਬਾਅਦ ਪਾਕਿਸਤਾਨ ਵਿਚ ਹਮਲਿਆਂ ਵਿੱਚ ਤੇਜੀ ਆਈ ਹੈ। ਬਲੋਚਿਸਤਾਨ ਦੇ ਮੁੱਖ ਮੰਤਰੀ ਮੀਰ ਅਬਦੁਲ ਕੁਦੁਸ ਬਿਜ਼ੈਂਜੋ ਨੇ ਹਮਲੇ ਦੀ ਨਿੰਦਾ ਕੀਤੀ ਹੈ।

# ਯੂਕੇ ਦੇ ਸਿੱਖ ਸੰਸਦ ਮੈਂਬਰ ਨੇ ਧਮਕੀ ਭਰੀ ਈਮੇਲ ਮਿਲਣ ਤੋਂ ਬਾਅਦ ਆਪਣੀ ਸੁਰੱਖਿਆ ਵਧਾਈ



ਲੰਡਨ, 6 ਮਾਰਚ (ਪੋਸਟ ਬਿਊਰੋ): ਬ੍ਰਿਟੇਨ ਦੀ ਪਹਿਲੀ ਮਹਿਲਾ ਸਿੱਖ ਸੰਸਦ ਮੈਂਬਰ ਪ੍ਰੀਤ ਕੌਰ ਗਿੱਲ ਨੇ ਕਿਹਾ ਕਿ ਧਮਕੀ ਭਰੀ ਈਮੇਲ ਮਿਲਣ ਤੋਂ ਬਾਅਦ ਉਨ੍ਹਾਂ ਨੂੰ ਆਪਣੀ ਸੁਰੱਖਿਆ ਵਧਾਉਣ ਲਈ ਮਜਬੂਰ ਕੀਤਾ ਗਿਆ। ਗਿੱਲ (50) ਬਰਮਿੰਘਮ, ਐਜਬੈਸਟਨ ਤੋਂ ਵਿਰੋਧੀ ਲੇਬਰ ਪਾਰਟੀ ਦੇ ਸੰਸਦ ਮੈਂਬਰ ਹਨ। ਉਨ੍ਹਾਂ ਸ਼ਨੀਵਾਰ ਨੂੰ ਦੱਸਿਆ ਕਿ ਉਹ ਆਪਣੇ ਪਰਿਵਾਰ ਦੀ ਸੁਰੱਖਿਆ ਨੂੰ ਲੈ ਕੇ ਚਿੰਤਤ ਹਨ ਕਿਉਂਕਿ ਉਹ ਇਕ ਸੰਸਦ ਮੈਂਬਰ ਵਜੋਂ ਆਪਣੀਆਂ ਰੁਟੀਨ ਡਿਊਟੀ ਵਿਚ ਰੁੱਝੇ ਹੋਏ ਹਨ।

ਇਹ ਚਿੰਤਾ ਦਾ ਵਿਸ਼ਾ ਹੈ ਕਿਉਂਕਿ ਮੈਂ ਹਰ ਸਮੇਂ ਹਲਕੇ ਵਿਚ ਆਪਣੀਆਂ ਬੇਟੀਆਂ ਨਾਲ ਰਹਿੰਦੀ ਹਾਂ। ਮੇਰਾ ਪਰਿਵਾਰ ਉੱਥੇ ਰਹਿੰਦਾ ਹੈ। ਇਸ ਧਮਕੀ ਨੇ ਮੈਨੂੰ ਚਿੰਤਤ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਮੈਂ ਵਿਸਵਾਸ ਨਹੀਂ ਕਰ ਸਕਦੀ ਕਿ ਇਸ ਵਿਅਕਤੀ ਨੇ ਧਮਕੀ ਦੇਣ ਲਈ ਆਪਣੇ ਕੰਮ ਵਾਲੀ ਥਾਂ ਦੀ ਈਮੇਲ ਦੀ ਵਰਤੋਂ ਕੀਤੀ ਹੈ।“ਗਿੱਲ ਨੇ ਕਿਹਾ ਕਿ ਉਨ੍ਹਾਂ ਵੈਸਟ ਮਿਡਲੈਂਡ ਪੁਲਸ ਨੂੰ ਧਮਕੀਆਂ ਬਾਰੇ ਸੂਚਿਤ ਕੀਤਾ ਹੈ ਅਤੇ ਉਹ ਉਨ੍ਹਾਂ ਦੀ ਸੁਰੱਖਿਆ ਲਈ ਇਕ ਬਾਡੀਗਾਰਡ ਦੀ ਵਰਤੋਂ ਕਰਦੀ ਹੈ।

# ਖਾਲੀ ਆਕਸੀਜਨ ਸਿਲੰਡਰ ਲਗਾ ਕੇ ਕੀਤਾ ਰੈਫਰ, ਰਾਹ ਵਿਚ ਮਰੀਜ਼ ਦੀ ਮੌਤ



ਮੱਧ ਪ੍ਰਦੇਸ਼, 6 ਮਾਰਚ (ਪੋਸਟ ਬਿਊਰੋ): ਮੱਧ ਪ੍ਰਦੇਸ਼ ਦੇ ਪੰਨਾ ਜ਼ਿਲਾ ਹਸਪਤਾਲ ਤੋਂ ਇੱਕ ਹੈਰਾਨੀਜਨਕ ਘਟਨਾ ਸਾਹਮਣੇ ਆਈ ਹੈ। ਇੱਥੇ ਇੱਕ ਨੌਜਵਾਨ ਦੀ ਉਸ ਸਮੇਂ ਮੌਤ ਹੋ ਗਈ ਜਦੋਂ ਉਸ ਨੂੰ ਜ਼ਿਲਾ ਹਸਪਤਾਲ ਤੋਂ ਰੀਵਾ ਮੈਡੀਕਲ ਕਾਲਜ ਰੈਫਰ ਕੀਤਾ ਜਾ ਰਿਹਾ ਸੀ। ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਦਾ ਦੋਸ਼ ਹੈ ਕਿ ਮਰੀਜ਼ ਨੂੰ ਰੈਫਰ ਕਰਨ ਸਮੇਂ ਦਿੱਤਾ ਗਿਆ ਆਕਸੀਜਨ ਸਿਲੰਡਰ ਰਸਤੇ ਵਿਚ ਹੀ ਖਤਮ ਹੋ ਗਿਆ। ਇਹ ਉਸਦੀ ਮੌਤ ਦਾ ਕਾਰਨ ਸੀ। ਮਾਮਲਾ ਸਾਹਮਣੇ ਆਉਣ ਤੋਂ ਬਾਅਦ ਮੱਧ ਪ੍ਰਦੇਸ ਮਨੁੱਖੀ ਅਧਿਕਾਰ ਕਮਿਸਨ ਨੇ ਪੰਨਾ ਕਲੈਕਟਰ ਤੋਂ ਜਵਾਬ ਤਲਬ ਕੀਤਾ ਹੈ।

ਜਾਣਕਾਰੀ ਅਨੁਸਾਰ 2 ਮਾਰਚ ਨੂੰ ਪੰਨਾ ਵਾਸੀ ਸ਼ੁਭਮ ਨੇ ਜਹਿਰੀਲੀ ਚੀਜ ਖਾ ਲਈ ਸੀ। ਇਸ ਤੋਂ ਬਾਅਦ ਉਸ ਨੂੰ ਗੰਭੀਰ ਹਾਲਤ ’ਚ ਜ਼ਿਲਾ ਹਸਪਤਾਲ ’ਚ ਭਰਤੀ ਕਰਵਾਇਆ ਗਿਆ। ਹਾਲਤ ’ਚ ਸੁਧਾਰ ਨਾ ਹੋਣ ਕਾਰਣ ਉਸ ਨੂੰ ਰੀਵਾ ਮੈਡੀਕਲ ਕਾਲਜ ਰੈਫਰ ਕਰ ਦਿੱਤਾ ਗਿਆ। ਪਰਿਵਾਰ ਦਾ ਦੋਸ਼ ਹੈ ਕਿ ਇਸ ਦੌਰਾਨ ਦਿੱਤੇ ਗਏ ਆਕਸੀਜਨ ਸਿਲੰਡਰ ’ਚ ਬਹੁਤ ਘੱਟ ਆਕਸੀਜਨ ਸੀ, ਜੋ ਕਿ ਪੰਨਾ ਤੋਂ ਕੁਝ ਕਿਲੋਮੀਟਰ ਦੂਰ ਪਹੁੰਚਣ ’ਤੇ ਹੀ ਖਤਮ ਹੋ ਗਈ ਅਤੇ ਰਸਤੇ ’ਚ ਹੀ ਸ਼ੁਭਮ ਦੀ ਮੌਤ ਹੋ ਗਈ। ਇਸ ਮਾਮਲੇ ਵਿੱਚ ਕਲੈਕਟਰ ਨੇ ਵੀ ਪਰਿਵਾਰਕ ਮੈਂਬਰਾਂ ਨੂੰ ਕਾਰਵਾਈ ਦਾ ਭਰੋਸਾ ਦਿੱਤਾ ਸੀ।

# ਮਾਨਿਕ ਸਾਹਾ ਹੋਣਗੇ ਤ੍ਰਿਪੁਰਾ ਦੇ ਨਵੇਂ ਮੁੱਖ ਮੰਤਰੀ, ਭਾਜਪਾ ਵਿਧਾਇਕ ਦਲ ਦੀ ਬੈਠਕ ’ਚ ਲਿਆ ਗਿਆ ਫੈਸਲਾ



ਤ੍ਰਿਪੁਰਾ, 6 ਮਾਰਚ (ਪੋਸਟ ਬਿਊਰੋ): ਮਾਨਿਕ ਸਾਹਾ ਤ੍ਰਿਪੁਰਾ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕਣਗੇ। ਉਹ ਦੂਜੀ ਵਾਰ ਸੂਬੇ ਦੇ ਮੁੱਖ ਮੰਤਰੀ ਦੇ ਅਹੁਦੇ ਦਾ ਚਾਰਜ ਸੰਭਾਲਣਗੇ। ਤ੍ਰਿਪੁਰਾ ਭਾਜਪਾ ਵਿਧਾਇਕ ਦਲ ਦੀ ਬੈਠਕ ਸੋਮਵਾਰ ਸ਼ਾਮ ਨੂੰ ਸਮਾਪਤ ਹੋਈ, ਜਿਸ ਵਿਚ ਸਾਹਾ ਨੂੰ ਨੇਤਾ ਚੁਣਿਆ ਗਿਆ। ਮੁੱਖ ਮੰਤਰੀ ਅਤੇ ਨਵੇਂ ਬਣੇ ਮੰਤਰੀ ਮੰਡਲ ਦਾ ਸਹੁੰ ਚੁੱਕ ਸਮਾਗਮ ਬੁੱਧਵਾਰ, 8 ਮਾਰਚ ਨੂੰ ਹੋਵੇਗਾ। ਇਸ ਮੌਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸਾਹ ਅਤੇ ਭਾਜਪਾ ਪ੍ਰਧਾਨ ਜੇਪੀ ਨੱਡਾ ਵੀ ਮੌਜੂਦ ਰਹਿਣਗੇ। ਮਹੱਤਵਪੂਰਨ ਗੱਲ ਇਹ ਹੈ ਕਿ ਮਈ 2022 ਵਿਚ, ਤਤਕਾਲੀ ਮੁੱਖ ਮੰਤਰੀ ਬਿਪਲਬ ਕੁਮਾਰ ਦੇਬ ਦੇ ਅਸਤੀਫੇ ਦੇ ਕੁਝ ਘੰਟਿਆਂ ਬਾਅਦ ਹੀ ਪਾਰਟੀ ਵਲੋਂ ਡਾ. ਮਾਨਿਕ ਸਾਹਾ ਨੂੰ ਅਗਲਾ ਮੁੱਖ ਮੰਤਰੀ ਐਲਾਨਿਆ ਗਿਆ ਸੀ। ਸਾਹਾ ਨੇ 15 ਮਈ, 2022 ਨੂੰ ਸੂਬੇ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ ਸੀ। ਸੂਬੇ ਦੀ ਬਾਰਦੋਵਾਲੀ ਸੀਟ ਤੋਂ ਚੋਣ ਜਿੱਤਣ ਵਾਲੇ 70 ਸਾਲਾ ਮਾਨਿਕ ਸਾਹਾ ਨੇ ਪਾਰਟੀ ਦੀ ਕਾਰਗੁਜਾਰੀ ਨੂੰ ਉਮੀਦ ਮੁਤਾਬਕ ਦੱਸਿਆ ਹੈ।

ਦੱਸ ਦਈਏ ਕਿ ਮਾਨਿਕ ਸਾਹਾ ਸਾਲ 2016 ‘ਚ ਭਾਜਪਾ ‘ਚ ਸਾਮਲ ਹੋਏ ਸਨ। ਇਸ ਤੋਂ ਪਹਿਲਾਂ ਉਹ ਕਾਂਗਰਸ ਵਿੱਚ ਸਨ। ਭਾਜਪਾ ਵਿਚ ਸਾਮਲ ਹੋਣ ਤੋਂ ਬਾਅਦ ਉਨ੍ਹਾਂ ਨੂੰ ਬੂਥ ਮੈਨੇਜਮੈਂਟ ਕਮੇਟੀ ਅਤੇ ਸੂਬਾ ਪੱਧਰੀ ਮੈਂਬਰਸਪਿ ਮੁਹਿੰਮ ਦੇ ਇੰਚਾਰਜ ਦੀ ਜ਼ਿੰਮੇਵਾਰੀ ਦਿੱਤੀ ਗਈ। ਸਾਹਾ ਮੁੱਖ ਮੰਤਰੀ ਬਣਨ ਤੋਂ ਇਕ ਮਹੀਨਾ ਪਹਿਲਾਂ ਹੀ ਰਾਜ ਸਭਾ ਮੈਂਬਰ ਚੁਣੇ ਗਏ ਸਨ।

# ਪੁਲਸ ਸਟੇਸ਼ਨ ਨੇੜੇ ਦਿਨ ਦਿਹਾੜੇ ਬੈਂਕ ਡਕੈਤੀ, ਦੋ ਨਕਾਬਪੋਸ ਬਦਮਾਸ਼ ਉਡਾ ਲੈ ਗਏ 10 ਲੱਖ ਰੁਪਏ



ਜੈਪੁਰ, 6 ਮਾਰਚ (ਪੋਸਟ ਬਿਊਰੋ): ਰਾਜਸਥਾਨ ਦੇ ਜੈਪੁਰ ’ਚ ਹੋਲੀ ਦੇ ਤਿਉਹਾਰ ਤੋਂ ਪਹਿਲਾਂ ਦਿਨ-ਦਿਹਾੜੇ ਬੈਂਕ ਲੁੱਟਣ ਦੀ ਘਟਨਾ ਸਾਹਮਣੇ ਆਈ ਹੈ। ਇੱਥੇ ਥਾਣੇ ਤੋਂ ਮਹਿਜ 500 ਮੀਟਰ ਦੀ ਦੂਰੀ ‘ਤੇ ਦੋ ਨਕਾਬਪੋਸ਼ ਬਦਮਾਸ਼ਾਂ ਨੇ ਬੰਦੂਕ ਦੀ ਨੋਕ ’ਤੇ ਬੈਂਕ ਵਿਚੋਂ 10 ਲੱਖ ਰੁਪਏ ਲੁੱਟ ਲਏ ਅਤੇ ਫਰਾਰ ਹੋ ਗਏ। ਲੁੱਟ ਦੀ ਇਹ ਸਾਰੀ ਘਟਨਾ ਬੈਂਕ ਦੇ ਅੰਦਰ ਲੱਗੇ ਸੀਸੀਟੀਵੀ ਕੈਮਰੇ ਵਿੱਚ ਵੀ ਕੈਦ ਹੋ ਗਈ ਹੈ।


ਜਾਣਕਾਰੀ ਮੁਤਾਬਕ ਬੈਂਕ ਦੇ ਬਾਹਰ ਬਦਮਾਸ਼ਾਂ ਨੇ ਹਮਲਾ ਕਰ ਦਿੱਤਾ। ਬੈਂਕ ਖੁੱਲ੍ਹਦੇ ਹੀ ਦੋਵੇਂ ਅੰਦਰ ਵੜ ਗਏ। ਬੈਂਕ ਕਰਮਚਾਰੀਆਂ ਨੂੰ ਬੰਦੂਕ ਦਿਖਾ ਕੇ ਸੇਫ ’ਚ ਰੱਖੇ 10 ਲੱਖ ਰੁਪਏ ਲੁੱਟ ਲਏ ਅਤੇ ਫਰਾਰ ਹੋ ਗਏ। ਮਾਮਲਾ ਸ਼ਿਆਮ ਨਗਰ ਇਲਾਕੇ ਦੇ ਡੀਸੀਐਮ ਚੌਰਾਹੇ ਨੇੜੇ ਇੰਡੀਅਨ ਓਵਰਸੀਜ ਬੈਂਕ ਦਾ ਹੈ।

ਦੱਸਿਆ ਜਾ ਰਿਹਾ ਹੈ ਕਿ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਦੋਵੇਂ ਬੈਂਕ ਕਰਮਚਾਰੀ ਦੀ ਬਾਈਕ ਲੈ ਕੇ ਫਰਾਰ ਹੋ ਗਏ। ਫਿਲਹਾਲ ਪੁਲਸ ਨੇ ਮਾਮਲਾ ਦਰਜ ਕਰਕੇ ਲੁਟੇਰਿਆਂ ਦੀ ਭਾਲ ਸੁਰੂ ਕਰ ਦਿੱਤੀ ਹੈ।

ਵਧੀਕ ਪੁਲਿਸ ਕਮਿਸ਼ਨਰ ਕੈਲਾਸ਼ ਬਿਸ਼ਨੋਈ ਨੇ ਦੱਸਿਆ ਕਿ ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਮੌਕੇ ’ਤੇ ਪਹੁੰਚ ਗਈ। ਫਿਲਹਾਲ ਸ਼ਰਾਰਤੀ ਅਨਸਰਾਂ ਦਾ ਕੋਈ ਸੁਰਾਗ ਨਹੀਂ ਲੱਗਾ ਹੈ ਅਤੇ ਪੁਲਸ ਨੇ ਸ਼ਰਾਰਤੀ ਅਨਸਰਾਂ ਨੂੰ ਫੜ੍ਹਨ ਲਈ ਪੂਰੇ ਸ਼ਹਿਰ ‘ਚ ਪਹਿਲੇ ਦਰਜੇ ਦੀ ਨਾਕਾਬੰਦੀ ਕਰ ਦਿੱਤੀ ਹੈ। ਨਾਲ ਹੀ ਸੀਸੀਟੀਵੀ ਫੁਟੇਜ ਦੇ ਆਧਾਰ ‘ਤੇ ਸਰਾਰਤੀ ਅਨਸਰਾਂ ਦੀ ਪਛਾਣ ਕਰਕੇ ਉਨ੍ਹਾਂ ਦੀ ਭਾਲ ਲਈ ਵੱਖ-ਵੱਖ ਥਾਵਾਂ ‘ਤੇ ਛਾਪੇਮਾਰੀ ਕੀਤੀ ਜਾ ਰਹੀ ਹੈ।

# ਰੇਲਵੇ ਹੋਲੀ ਦੇ ਤਿਓਹਾਰ ’ਤੇ ਚਲਾ ਰਿਹਾ 196 ਹੋਲੀ ਸਪੈਸਲ ਟਰੇਨਾਂ

ਨਵੀਂ ਦਿੱਲੀ, 6 ਮਾਰਚ (ਪੋਸਟ ਬਿਊਰੋ): ਹੋਲੀ ਦੇ ਮੌਕੇ ‘ਤੇ ਯੂ.ਪੀ., ਬਿਹਾਰ ਅਤੇ ਕੋਲਕਾਤਾ ਜਾਣ ਵਾਲੀਆਂ ਲੰਬੀ ਦੂਰੀ ਦੀਆਂ ਟਰੇਨਾਂ ’ਚ ਸਫਰ ਕਰਨਾ ਯਾਤਰੀਆਂ ਲਈ ਮੁਸਕਿਲ ਹੁੰਦਾ ਜਾ ਰਿਹਾ ਹੈ। ਜ਼ਿਆਦਾਤਰ ਟਰੇਨਾਂ ‘ਚ ਸੀਟਾਂ ਦੀ ਰਿਜ਼ਰਵੇਸਨ ਕਰੀਬ ਇਕ ਹਫਤਾ ਪਹਿਲਾਂ ਪੂਰੀ ਹੋਣ ਕਾਰਨ ਵੇਟਿੰਗ ਲਿਸਟ 150 ਤੋਂ 200 ਤੱਕ ਪਹੁੰਚ ਗਈ ਹੈ। ਅਜਿਹੇ ਵਿਚ ਜਿਨ੍ਹਾਂ ਲੋਕਾਂ ਨੂੰ ਰਿਜ਼ਰਵ ਟਿਕਟ ਨਹੀਂ ਮਿਲ ਸਕੀ ਹੈ, ਉਹ ਹੁਣ ਤਤਕਾਲ ਟਿਕਟਾਂ ਜਾਂ ਸਪੈਸ਼ਲ ਟਰੇਨਾਂ ਦਾ ਇੰਤਜ਼ਾਰ ਕਰ ਰਹੇ ਹਨ। ਅਜਿਹੇ ’ਚ ਭਾਰਤੀ ਰੇਲਵੇ 196 ਹੋਲੀ ਸਪੈਸਲ ਟਰੇਨਾਂ ਚਲਾ ਰਿਹਾ ਹੈ। ਇਹ 196 ਵਿਸ਼ੇਸ਼ ਟਰੇਨਾਂ 491 ਯਾਤਰਾਵਾਂ ਕਰਨਗੀਆਂ। ਦੇਸ ਭਰ ਦੇ ਪ੍ਰਮੁੱਖ ਸਥਾਨਾਂ ਨੂੰ ਜੋੜਨ ਲਈ ਰੇਲਵੇ ਮਾਰਗਾਂ ’ਤੇ ਵਿਸ਼ੇਸ਼ ਰੇਲ ਗੱਡੀਆਂ ਚਲਾਉਣ ਦੀ ਯੋਜਨਾ ਬਣਾਈ ਗਈ ਹੈ। ਰੇਲਵੇ ਅਧਿਕਾਰੀਆਂ ਨੇ ਦੱਸਿਆ ਕਿ ਰੇਲਵੇ ਸਟੇਸ਼ਨ ਤੋਂ ਰੋਜ਼ਾਨਾ ਕਰੀਬ 25 ਹਜ਼ਾਰ ਲੋਕ ਟਰੇਨਾਂ ’ਚ ਸਫਰ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਯਾਤਰੀਆਂ ਵਿਚ ਅਨੁਸ਼ਾਸਨ ਬਣਾਈ ਰੱਖਣ ਅਤੇ ਉਨ੍ਹਾਂ ਦੀ ਸੁਰੱਖਿਆ ਲਈ ਉਪਾਅ ਕਰਨ ਲਈ ਟਿਕਟ ਚੈਕਿੰਗ ਟੀਮਾਂ ਅਤੇ ਸੁਰੱਖਿਆ ਕਰਮਚਾਰੀ 24 ਘੰਟੇ ਡਿਊਟੀ ਤੇ ਹਨ। ਪੂਰਬੀ ਮੱਧ ਰੇਲਵੇ ਵੱਲ 24 ਜੋੜੀਆਂ ਸਪੈਸਲ ਟਰੇਨਾਂ ਚਲਾਉਣ ਦਾ ਫੈਸਲਾ ਕੀਤਾ ਗਿਆ। ਦਿੱਲੀ, ਮੱਧ ਪ੍ਰਦੇਸ, ਰਾਜਸਥਾਨ, ਮਹਾਰਾਸਟਰ ਤੋਂ ਬਿਹਾਰ, ਉੱਤਰ ਪ੍ਰਦੇਸ਼ ਅਤੇ ਬੰਗਾਲ ਜਾਣ ਵਾਲੇ ਯਾਤਰੀਆਂ ਨੂੰ ਐਲਾਨੀ ਗਈ ਵਿਸ਼ੇਸ਼ ਰੇਲਗੱਡੀ ਦਾ ਫਾਇਦਾ ਹੋਵੇਗਾ। ਇਨ੍ਹਾਂ ਸਪੈਸ਼ਲ ਟਰੇਨਾਂ ਰਾਹੀਂ ਕੁੱਲ 124 ਯਾਤਰਾਵਾਂ ਕੀਤੀਆਂ ਜਾਣਗੀਆਂ।













URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD
Hwy 7/ Churchill Rd/Tanners Dr
ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲੇ-ਡੁਲੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ਼ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।
Mclaughlin Rd & Steeles Ave
ਸੋਹਣਾ ਤੇ ਸਾਫ ਸੁਧਰਾ, ਮਾਡਰਨ ਲੇਆਉਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ
Wanless /Queen Mary /Mclaughlin
2016 ਵਿਚ ਬਣਿਆ, ਡਬਲ ਡੋਰ ਗਰਾਜ਼, 4364 ਸਕੇਅਰ ਫੁਟ, 4 ਖੁਲੇ-ਡੁਲੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੰਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।
Chinguacousy & Bovaird
ਸ਼ਾਨਦਾਰ ਤੇ ਸਾਫ ਸੁਧਰਾ, ਮਾਡਰਨ ਲੇਆਉਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।
FREE
Full MLS services
Consistent marketing until your property is sold
Staging consultation
Billboard, flyer
Online Promotion
Professional pictures & virtual tour
Social media & radio advertisement
Open house till sold
Competitive rates, exceptional service & award winning results
RE/MAX REALTY SPECIALISTS INC.
Ph:905-456-3232
JAG AUJLA
MCNE, Real Estate Broker
416-371-7777
NOT INTENDED TO SOLICIT BUYERS OR SELLERS CURRENTLY UNDER CONTRACT


DEEPAK ANAND
MEMBER OF PROVINCIAL PARLIAMENT
MISSISSAUGA MALTON
happy Holi
ਹੋਲੀ ਦੇ ਤਿਉਹਾਰ ਦੀਆਂ ਬਹੁਤ ਬਹੁਤ ਵਧਾਈਆਂ
Community Office
Open Monday-Friday, 9am-5pm
7895 Tranmere Dr. Unit #11
905-696-0367


ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas
SERVING FROM ALL LOCATIONS IN GTA AREA:
10 Westmore Drive Etobicoke ON M9V-3Z7 416-740-3262
21 Lacoste Blvd, Brampton, ON L6P 2K2 905 794-8109
621 Wanless drive, # 122 Brampton ON L7A 0A9 905-495-3336
1075 Ceremonial Drive Mississauga ON L5R 2Z4 905-502-1600
80 Pertosa Drive Brampton ON L5X-5E9 905-460-0009
10510 Torbram Road, Brampton 905-790-0030
2120 North park Drive Brampton ON L6S 0C9 905-793-1338
10 Pannahill Dr, Brampton 905 913-8017